ਸਾਂਝੀ ਸੋਚ
SANJHI SOCH HD
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

VOL-11 ISSUE 1782 | 25 June, 2024 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਪੰਜਾਬ ਦੇ ਵਿੱਤ ਮੰਤਰਾਲੇ ਦਾ ਨਾਂ ਬਦਲ ਕੇ ਕਰਜ਼ਾ ਚੁੱਕਣ ਵਾਲਾ ਮੰਤਰਾਲਾ ਰੱਖੋ- ਪ੍ਰਤਾਪ ਸਿੰਘ ਬਾਜਵਾ

## ਸੂਬੇ 'ਤੇ 3.74 ਲੱਖ ਕਰੋੜ ਲੋਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ 'ਤੇ ਵਰ੍ਹਦਿਆਂ ਕਿਹਾ ਕਿ ਉਹ ਪੰਜਾਬ ਦੀ ਆਰਥਿਕਤਾ ਨੂੰ ਇੰਨੇ ਮਾੜੇ ਢੰਗ ਨਾਲ ਸੰਭਾਲ ਰਹੇ ਹਨ ਕਿ ਇਹ ਢਹਿ-ਢੇਰੀ ਹੋਣ ਦੀ ਕਗਾਰ 'ਤੇ ਪਹੁੰਚ ਗਿਆ ਹੈ। ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਪੰਜਾਬ ਦੇ ਵਿੱਤ ਮੰਤਰਾਲੇ ਦਾ ਨਾਂ ਬਦਲ ਕੇ ਕਰਜ਼ਾ ਚੁੱਕਣ ਵਾਲਾ ਮੰਤਰਾਲਾ ਰੱਖਿਆ ਜਾਣਾ ਚਾਹੀਦਾ ਹੈ। ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਅਤੇ ਹਰਪਾਲ ਸਿੰਘ ਚੀਮਾ ਨੂੰ ਵਿੱਤ ਵਿਭਾਗ ਮਿਲਿਆ ਹੈ, ਉਦੋਂ ਤੋਂ ਸੂਬੇ 'ਤੇ ਕਰਜ਼ੇ ਦਾ ਬੋਝ ਨਾਟਕੀ ਢੰਗ ਨਾਲ ਵਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੱਤਾ 'ਚ ਆਉਣ ਤੋਂ ਪਹਿਲਾਂ ਵਿੱਤੀ ਸਾਲ 2021-22 ਦੇ ਅੰਤ 'ਚ ਪੰਜਾਬ 'ਤੇ 2.82 ਲੱਖ ਕਰੋੜ ਰੁਪਏ ਦਾ ਬਕਾਇਆ ਕਰਜ਼ਾ ਸੀ। ਬਾਜਵਾ ਨੇ ਕਿਹਾ ਕਿ ਇਸ ਵਿੱਤੀ ਸਾਲ (2024-25) ਦੇ ਅੰਤ ਤੱਕ ਬਕਾਇਆ ਕਰਜ਼ਾ 3.74 ਲੱਖ ਕਰੋੜ ਰੁਪਏ ਤੱਕ ਪਹੁੰਚਣ ਦੀ ਸੰਭਾਵਨਾ ਹੈ। ਬਾਜਵਾ ਨੇ ਕਿਹਾ ਕਿ ਚੀਮਾ ਦੇ ਵਿੱਤ ਮੰਤਰਾਲੇ ਅਧੀਨ ਪੰਜਾਬ ਸਰਕਾਰ ਕੋਲ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਅਤੇ ਪੈਨਸ਼ਨਾਂ ਸਮੇਂ ਸਿਰ ਦੇਣ ਲਈ ਵੀ ਫ਼ੰਡ ਨਹੀਂ ਹਨ। ਕਈ ਕਰਮਚਾਰੀਆਂ ਨੇ ਆਪਣੀ ਮਹੀਨਾਵਾਰ ਤਨਖ਼ਾਹ ਲੈਣ ਲਈ ਹਾਲ ਹੀ ਵਿੱਚ ਵਿਰੋਧ ਪ੍ਰਦਰਸ਼ਨ ਕੀਤੇ।

ਮਾਰਚ 'ਚ ਸੰਗਰੂਰ 'ਚ ਜ਼ਹਿਰੀਲੀ ਸ਼ਰਾਬ ਪੀਣ ਨਾਲ 20 ਲੋਕਾਂ ਦੀ ਮੌਤ ਹੋ ਗਈ ਸੀ। ਹਰਪਾਲ ਸਿੰਘ ਚੀਮਾ, ਜਿਨ੍ਹਾਂ ਕੋਲ ਆਬਕਾਰੀ ਵਿਭਾਗ ਵੀ ਹੈ, ਨੇ ਅਜੇ ਤੱਕ ਇਹ ਨਹੀਂ ਦੱਸਿਆ ਕਿ ਇਹ ਦੁਖਾਂਤ ਕਿਵੇਂ ਵਾਪਰਿਆ। ਕੀ ਉਹ ਅਸਲ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ?

ਵਿਰੋਧੀ ਧਿਰ ਦੇ ਨੇਤਾ ਨੇ ਕਿਹਾ ਕਿ 'ਆਪ' ਸਰਕਾਰ ਨੇ ਦਿੱਲੀ ਦੀ ਸ਼ਰਾਬ ਨੀਤੀ ਨੂੰ ਪੰਜਾਬ ਵਿੱਚ ਦੁਹਰਾਇਆ। ਦਿੱਲੀ ਦੀ ਸ਼ਰਾਬ ਨੀਤੀ ਦੀ ਪਹਿਲਾਂ ਹੀ ਜਾਂਚ ਹੋ ਰਹੀ ਹੈ। ਇਸ ਲਈ ਪੰਜਾਬ ਦੀ ਸ਼ਰਾਬ ਨੀਤੀ ਦੀ ਨਿਆਂਇਕ ਜਾਂਚ ਕਰਵਾਈ ਜਾਣੀ ਚਾਹੀਦੀ ਹੈ।

# ਹਿਮਾਚਲ ਦੇ ਉਦੈਪੁਰ 'ਚ ਆਇਆ ਹੜ੍ਹ ਸੜਕਾਂ ਰੁੜ੍ਹੀਆਂ, ਵਾਹਨ ਅਤੇ ਲੋਕ ਫਸੇ

ਲਾਹੌਲ ਘਾਟੀ
ਸਾਂਝੀ ਸੋਚ ਬਿਊਰੋ

ਮਾਨਸੂਨ ਦੀ ਐਂਟਰੀ ਤੋਂ ਪਹਿਲਾਂ ਹੀ ਹਿਮਾਚਲ ਪ੍ਰਦੇਸ਼ ਵਿੱਚ ਹਲਚਲ ਦੇਖਣ ਨੂੰ ਮਿਲ ਰਹੀ ਹੈ। ਲਾਹੌਲ ਘਾਟੀ ਦੇ ਉਦੈਪੁਰ ਵਿਚ ਹੜ੍ਹ ਆ ਗਿਆ ਹੈ। ਹਾਲਾਂਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਪਰ ਉਦੈਪੁਰ ਤੋਂ ਤਾਂਡੀ ਨੂੰ ਜੋੜਨ ਵਾਲੀ ਸੜਕ ਬੰਦ ਹੋ ਗਈ ਹੈ। ਫਿਲਹਾਲ ਬੀਆਰਓ ਦੀ ਮਸ਼ੀਨਰੀ ਮੌਕੇ ਲਈ ਰਵਾਨਾ ਹੋ ਗਈ ਹੈ। ਇਸ ਦੇ ਨਾਲ ਹੀ ਸੜਕ ਦੇ ਬੰਦ ਹੋਣ ਕਾਰਨ ਵੱਡੀ ਗਿਣਤੀ ਵਿੱਚ ਵਾਹਨ ਅਤੇ ਐਚਆਰਟੀਸੀ ਬੱਸਾਂ ਫਸੀਆਂ ਹੋਈਆਂ ਹਨ। ਲਾਹੌਲ ਸਪਿਤੀ ਦੇ ਆਫ਼ਤ ਪ੍ਰਬੰਧਨ ਕੇਂਦਰ ਨੇ ਮਾਮਲੇ ਦੀ ਪੁਸ਼ਟੀ ਕੀਤੀ ਹੈ। ਜਾਣਕਾਰੀ ਮੁਤਾਬਕ ਲਾਹੌਲ ਘਾਟੀ ਦੇ ਉਦੈਪੁਰ ਦੇ ਮਡਗਰਾਂ ਡਰੇਨ 'ਚ ਇਹ ਹੜ੍ਹ ਆਇਆ ਹੈ। ਇਸ ਕਾਰਨ ਸੜਕ ਉਪਰੋਂ ਮਲਬਾ ਅਤੇ ਪਾਣੀ ਲੰਘਣ ਕਾਰਨ ਜਾਮ ਹੋ ਗਈ। ਜਦੋਂ ਨਿਊਜ਼18 ਨੇ ਲਾਹੌਲ ਸਪਿਤੀ ਡਿਜ਼ਾਸਟਰ ਮੈਨੇਜਮੈਂਟ ਨਾਲ ਫੋਨ 'ਤੇ ਗੱਲ ਕੀਤੀ ਤਾਂ ਪਤਾ ਲੱਗਾ ਕਿ ਇਹ ਹੜ੍ਹ ਅਚਾਨਕ ਅੱਧੀ ਰਾਤ ਨੂੰ ਆਇਆ। ਆਫਤ ਪ੍ਰਬੰਧਨ ਕਰਮਚਾਰੀਆਂ ਨੇ ਦੱਸਿਆ ਕਿ ਇਹ ਅਚਾਨਕ ਹੜ੍ਹ ਅੱਧੀ ਰਾਤ ਨੂੰ ਆਇਆ। ਇਹ ਰਸਤਾ ਉਦੈਪੁਰ ਨੂੰ ਤਾਂਡੀ ਨਾਲ ਜੋੜਦਾ ਹੈ ਅਤੇ ਇੱਥੇ ਮਡਗਰਾਂ ਡਰੇਨ ਵਿੱਚ ਹੜ੍ਹ ਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਵੀ ਮਲਬਾ ਅਤੇ ਪਾਣੀ ਰੁਕ-ਰੁਕ ਕੇ ਆ ਰਿਹਾ ਹੈ। ਇਸ ਕਾਰਨ ਇਹ ਰੂਟ ਬਹਾਲ ਨਹੀਂ ਹੋ ਸਕਿਆ ਹੈ। ਬਾਰਡਰ ਰੋਡ ਆਰਗੇਨਾਈਜੇਸ਼ਨ ਦੀ ਮਸ਼ੀਨਰੀ ਮੌਕੇ ਲਈ ਰਵਾਨਾ ਹੋ ਗਈ ਹੈ ਅਤੇ ਦੋ ਘੰਟਿਆਂ ਵਿੱਚ ਰਸਤਾ ਬਹਾਲ ਹੋਣ ਦੀ ਉਮੀਦ ਹੈ।

ਦੱਸ ਦਈਏ ਕਿ ਇਹ ਰੂਟ ਲਾਹੌਲ ਦੇ ਹੈੱਡਕੁਆਰਟਰ ਨੂੰ ਜੋੜਦਾ ਹੈ। ਅਜਿਹੇ 'ਚ ਸਵੇਰੇ-ਸਵੇਰੇ ਜਾਣ ਵਾਲੇ ਲੋਕ ਇਸ ਰੂਟ 'ਤੇ ਫਸੇ ਹੋਏ ਹਨ। ਐਚਆਰਟੀਸੀ ਦੀਆਂ ਬੱਸਾਂ ਅਤੇ ਹੋਰ ਲੋਕ ਵੀ ਸੜਕ ਖੁੱਲ੍ਹਣ ਦੀ ਉਡੀਕ ਕਰ ਰਹੇ ਹਨ। ਆਫਤ ਪ੍ਰਬੰਧਨ ਕਰਮਚਾਰੀਆਂ ਨੇ ਦੱਸਿਆ ਕਿ ਇਹ ਅਚਾਨਕ ਹੜ੍ਹ ਅੱਧੀ ਰਾਤ ਨੂੰ ਆਇਆ। ਇਹ ਰਸਤਾ ਉਦੈਪੁਰ ਨੂੰ ਤਾਂਡੀ ਨਾਲ ਜੋੜਦਾ ਹੈ ਅਤੇ ਇੱਥੇ ਮਡਗਰਾਂ ਡਰੇਨ ਵਿੱਚ ਹੜ੍ਹ ਆ ਗਿਆ ਹੈ। ਹਿਮਾਚਲ ਪ੍ਰਦੇਸ਼ ਵਿੱਚ ਮੌਸਮ ਵਿਭਾਗ ਨੇ ਅਗਲੇ ਕੁਝ ਦਿਨਾਂ ਵਿੱਚ ਲਗਾਤਾਰ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ। ਮਾਨਸੂਨ 27 ਜੂਨ ਤੋਂ ਬਾਅਦ ਸੂਬੇ ਵਿੱਚ ਦਾਖ਼ਲ ਹੋ ਸਕਦਾ ਹੈ। ਪਰ ਐਤਵਾਰ ਨੂੰ ਵੀ ਸੂਬੇ ਦੇ ਕੁਝ ਇਲਾਕਿਆਂ 'ਚ ਮੀਂਹ ਪਿਆ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce

Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


GINNY BEDI LAW PC

Ginny Bedi Attorney
Immigration
Divorce
Custody and Support issues
Business Disputes
Living Trusts
Criminal Matters
Misdemeanors
DUI
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of
Ashwani K.Bhakhri
1299 Bayshore Hwy Suite 208
Burlingame, CA 94010

ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots

Packages fit to your budget
Contact: Barjesh 209-541-0641
Email: lambavideoproduction@yahoo.com


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260


THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137


PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof

Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਸਿੱਖ ਰਾਜ ਦੇ ਬਾਨੀ ਬਾਬਾ ਬੰਦਾ ਸਿੰਘ ਬਹਾਦਰ

ਲੇਵਨ ਕੋ ਬਦਲੇ ਤੁਰਕਾਨ ਤੈ
ਮੋਹਿ ਪਠਿਓ ਗੁਰ ਸ੍ਵੈ ਕਰਿ ਬੰਦਾ।
ਮਾਰਿ ਤੁਕੈ ਕਰਿ ਖ੍ਵਾਰ ਬਜੀਦਹਿ
ਦੈਹੁ ਉਜਾਰ ਲੁਟੈਹੁ ਸਰੁੰਦਾ।
ਲੈ ਕਰਿ ਬੈਰ ਗੁਰੈ ਪੁੱਤਰੈ
ਫਿਰ ਮਾਰਿ ਗਿਰੀਜੈ ਕਰੋ ਪਰਗੰਦਾ।
ਏਤਿਕ ਕਾਜ ਕਰੋ ਜਬ ਮੈ
ਤੁਮ ਜਾਨਿਉ ਮੁਝੈ ਤਬਿ ਹੀ ਗੁਰਿਬੰਦਾ।
(ਪੰਥ ਪ੍ਰਕਾਸ਼)

ਸਮੁੱਚਾ ਸਿੱਖ ਇਤਿਹਾਸ ਕੁਰਬਾਨੀਆਂ, ਸ਼ਹੀਦੀਆਂ ਅਤੇ ਤਿਆਗ ਨਾਲ ਭਰਿਆ ਪਿਆ ਹੈ। ਇਸ ਧਰਮ ਦੀ ਬੁਨਿਆਦ ਹੀ ਪਰਸੁਆਰਥ, ਪਰਉਪਕਾਰ ਅਤੇ ਦੂਜਿਆਂ ਲਈ ਆਪਾ ਵਾਰਨ ਦੇ ਸਿਧਾਂਤ ਤੇ ਹੋਈ ਹੈ। ਕਿਸੇ ਨੂੰ ਤੱਤੀਆਂ ਤਵੀਆਂ ਤੇ ਬੈਠਣਾ ਪਿਆ, ਕੋਈ ਨੀਹਾਂ ਵਿਚ ਚਿਣਵਾਇਆ ਗਿਆ, ਕਿਸੇ ਨੂੰ ਦੇਗ ਵਿਚ ਉਬਾਲਿਆ ਗਿਆ, ਕੋਈ ਚਰਖੜੀਆਂ ਤੇ ਹੱਸਦਾ-ਹੱਸਦਾ ਚੜ੍ਹ ਗਿਆ, ਕਿਸੇ ਦਾ ਬੰਦ-ਬੰਦ ਕੱਟ ਦਿੱਤਾ ਗਿਆ, ਕਿਸੇ ਦੀ ਖੋਪਰੀ ਲਾਹ ਦਿੱਤੀ ਗਈ ਤੇ ਕਿਸੇ ਦਾ ਮਾਸ ਨੋਚਿਆ ਗਿਆ ਆਦਿ-ਆਦਿ। ਅਜਿਹੀ ਸਥਿਤੀ ਵਿਚ ਹਰ ਇੱਕ ਨੂੰ ਆਪਣਾ ਧਰਮ ਬਦਲਣ ਲਈ ਕਈ ਤਰ੍ਹਾਂ ਦੇ ਲਾਲਚ ਦਿੱਤੇ ਗਏ, ਪਰ ਹਰ ਇਕ ਨੇ ਬਾਦਸ਼ਾਹੀਆਂ, ਨਵਾਬੀਆਂ ਅਤੇ ਉਚ-ਅਹੁਦਿਆਂ ਨੂੰ ਲੱਤ ਮਾਰ ਕੇ ਸ਼ਹਾਦਤ ਦਾ ਜਾਮ ਪੀਤਾ ਅਤੇ ਸਿੱਖੀ ਨੂੰ ਕੇਸਾਂ-ਸੁਆਸਾਂ ਸੰਗ ਨਿਭਾਇਆ।

ਅਜਿਹੇ ਹੀ ਬੇਮਿਸਾਲ ਸੂਰਬੀਰ ਸ਼ਹੀਦਾਂ ਵਿਚੋਂ ਇਕ ਸਨ - ਬਾਬਾ ਬੰਦਾ ਸਿੰਘ ਬਹਾਦਰ। ਬਾਬਾ ਬੰਦਾ ਸਿੰਘ ਦਾ ਮੁੱਢਲਾ ਨਾਂ ਲਛਮਣ ਦੇਵ ਸੀ। ਉਨ੍ਹਾਂ ਦਾ ਜਨਮ 16 ਅਕਤੂਬਰ, 1670 ਈ. ਨੂੰ ਪੁਣਛ (ਕਸ਼ਮੀਰ) ਦੇ ਰਾਜੌਰੀ ਇਲਾਕੇ ਵਿਖੇ ਸ੍ਰੀ ਰਾਮਦੇਵ ਭਾਰਦਵਾਜ ਦੇ ਘਰ ਹੋਇਆ। ਰਾਜਪੂਤੀ ਪਿਛੋਕੜ ਹੋਣ ਕਰਕੇ ਲਛਮਣ ਦੇਵ ਨੂੰ ਖੇਡਣ, ਕੁੱਦਣ ਤੇ ਸ਼ਿਕਾਰ ਕਰਨ ਦਾ ਬਹੁਤ ਸ਼ੌਕ ਸੀ।

ਇਕ ਵਾਰ ਸ਼ਿਕਾਰ ਸਮੇਂ ਲਛਮਣ ਦੇਵ ਤੋਂ ਤੀਰ ਨਾਲ ਇੱਕ ਹਿਰਨੀ ਜ਼ਖਮੀ ਹੋਣ ਪਿੱਛੋਂ ਮਰ ਗਈ ਅਤੇ ਉਸਦੇ ਪੇਟੋਂ ਜਨਮੇ ਬੱਚੇ ਉਹਦੇ ਸਾਹਮਣੇ ਤੜਫ-ਤੜਫ ਕੇ ਮਰ ਗਏ। ਇਸ ਘਟਨਾ ਨੇ ਲਛਮਣ ਦੇਵ ਦੇ ਮਨ ਤੇ ਇੰਨਾ ਪ੍ਰਭਾਵ ਪਾਇਆ ਕਿ ਉਹ ਘਰ-ਬਾਰ ਤਿਆਗ ਕੇ ਸੰਨਿਆਸੀ ਬਣ ਗਿਆ। ਉਦੋਂ ਉਹਦੀ ਉਮਰ ਕਰੀਬ 15 ਸਾਲ ਦੀ ਸੀ। ਇਕ ਬੈਰਾਗੀ ਸਾਧੂ ਜਾਨਕੀ ਪ੍ਰਸਾਦ ਦੀ ਸੰਗਤ ਵਿਚ ਆ ਕੇ ਉਹ ਲਛਮਣ ਦੇਵ ਤੋਂ ਮਾਧੋਦਾਸ ਬਣ ਗਿਆ।

ਬੈਰਾਗੀ ਮੰਡਲੀ ਵਿਚ ਸ਼ਾਮਲ ਹੋ ਕੇ ਉਹ ਥਾਂ-ਥਾਂ ਭਟਕਦਾ ਰਿਹਾ ਅਤੇ ਰਾਮ ਥੰਮਣ ਦੇ ਡੇਰੇ ਕਸੂਰ ਕੋਲ ਇਕ ਹੋਰ ਬੈਰਾਗੀ ਰਾਮਦਾਸ ਨਾਲ ਉਹਦਾ ਮੇਲ ਹੋਇਆ। ਗੋਦਾਵਰੀ ਦੇ ਕੰਢੇ ਨਾਸਿਕ ਤੇ ਮਾਧੋਦਾਸ ਨੇ ਆਪਣਾ ਟਿਕਾਣਾ ਬਣਾ ਲਿਆ। ਇੱਥੇ ਹੀ ਇਕ ਪ੍ਰਸਿੱਧ ਜੋਗੀ ਔਘੜ ਨਾਥ ਨੇ ਉਹਨੂੰ ਗਿੱਧੀਆਂ-ਸਿੱਧੀਆਂ, ਜਾਦੂ-ਮੰਤਰਾਂ ਅਤੇ ਤਾਂਤਰਿਕ ਵਿਦਿਆ ਦੇ ਭੇਤ ਸਮਝਾਏ। ਹੁਣ ਮਾਧੋਦਾਸ ਨੇ ਨਾਂਦੇੜ ਨੂੰ ਆਪਣਾ ਟਿਕਾਣਾ ਬਣਾ ਲਿਆ। ਆਸਪਾਸ ਦੇ ਇਲਾਕਿਆਂ ਵਿਚ ਉਸਦੇ ਅਨੋਖੇ ਕੌਤਕਾਂ ਕਾਰਨ ਕਾਫੀ ਦਬਦਬਾ ਬਣਿਆ ਹੋਇਆ ਸੀ।

ਇਨ੍ਹੀਂ ਦਿਨੀਂ ਸਤੰਬਰ 1708 ਈ. ਦੇ ਨੇੜੇ-ਤੇੜੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਾਧੋਦਾਸ ਦੇ ਇਲਾਕੇ (ਨਾਂਦੇੜ) ਪਹੁੰਚ ਗਏ। ਗੁਰੂ ਸਾਹਿਬ ਨੇ ਮਾਧੋਦਾਸ ਦੀਆਂ ਕੁਰਾਹੇ ਪਈਆਂ ਮਾਨਸਿਕ ਤੇ ਸਰੀਰਕ ਸ਼ਕਤੀਆਂ ਦਾ ਰੁਖ਼ ਮੋੜ ਕੇ ਖ਼ਾਲਸਾ ਪੰਥ ਦੀ ਸੇਵਾ ਵਿਚ ਲਾਉਣ ਦਾ ਮਨ ਬਣਾਇਆ। ਮਾਧੋਦਾਸ ਨੇ ਪੂਰੇ ਗੁਰੂ ਨੂੰ ਪਹਿਚਾਣ ਲਿਆ ਅਤੇ ਉਨ੍ਹਾਂ ਦੇ ਸਾਹਮਣੇ ਨਤਮਸਤਕ ਹੋ ਕੇ ਆਪਣੀਆਂ ਸੇਵਾਵਾਂ ਅਰਪਿਤ ਕਰ ਦਿੱਤੀਆਂ। ਅਹਿਮਦ ਸ਼ਾਹ ਬਟਾਲੀਏ ਨੇ ਆਪਣੀ ਫ਼ਾਰਸੀ ਪੁਸਤਕ 'ਇਬਤਿਦਾਇ ਸਿੰਘ ਵ ਮਜ਼ਹਬਿ ਏਸ਼ਾਂ' ਵਿਚ ਇਸ ਮੁਲਾਕਾਤ ਦਾ ਬੜਾ ਦਿਲਚਸਪ ਵੇਰਵਾ ਪੇਸ਼ ਕੀਤਾ ਹੈ :

ਮਾਧੋਦਾਸ : ਆਪ ਕੌਣ ਹੋ ?
ਗੁਰੂ ਸਾਹਿਬ : ਉਹੀ, ਜਿਸਨੂੰ ਤੂੰ ਜਾਣਦਾ ਹੈਂ।
ਮਾਧੋਦਾਸ : ਮੈਂ ਕੀ ਜਾਣਦਾ ਹਾਂ?
ਗੁਰੂ ਸਾਹਿਬ : ਆਪਣੇ ਮਨ ਤੋਂ ਹੀ ਪੁੱਛ।
ਮਾਧੋਦਾਸ : ਆਪ ਗੁਰੂ ਗੋਬਿੰਦ ਸਿੰਘ ਹੋ ?
ਗੁਰੂ ਸਾਹਿਬ : ਹਾਂ।
ਮਾਧੋਦਾਸ : ਆਪ ਇਥੇ ਕਿਸ ਤਰਾਂ ਪਧਾਰੇ ਹੋ ?
ਗੁਰੂ ਸਾਹਿਬ : ਇਸ ਲਈ ਕਿ ਤੈਨੂੰ ਆਪਣਾ ਸਿੰਘ ਸਜਾਵਾਂ।
ਮਾਧੋਦਾਸ : ਮੈਂ ਹਾਜ਼ਰ ਹਾਂ ਹਜ਼ੂਰ। ਮੈਂ ਤਾਂ ਆਪ ਦਾ ਬੰਦਾ ਹੀ ਹਾਂ।

ਗੁਰੂ ਜੀ ਨੇ ਉਸਨੂੰ ਅੰਮ੍ਰਿਤ ਛਕਾ ਕੇ ਮਾਧੋਦਾਸ ਤੋਂ ਬੰਦਾ ਸਿੰਘ ਬਣਾ ਦਿੱਤਾ ਅਤੇ 'ਬਹਾਦਰ' ਦਾ ਲਕਬ ਪ੍ਰਦਾਨ ਕੀਤਾ। ਬੰਦਾ ਸਿੰਘ ਨੂੰ ਗੁਰੂ ਸਾਹਿਬ ਨੇ ਪੰਜ ਪਿਆਰੇ (ਭਾਈ ਬਿਨੋਦ ਸਿੰਘ, ਭਾਈ ਕਾਹਨ ਸਿੰਘ, ਭਾਈ ਬਾਜ ਸਿੰਘ, ਭਾਈ ਦਇਆ ਸਿੰਘ, ਭਾਈ ਰਣ ਸਿੰਘ), ਵੀਹ ਕੁ ਹੋਰ ਸਿੰਘ, ਪੰਜ ਤੀਰ, ਇੱਕ ਨਿਸ਼ਾਨ ਸਾਹਿਬ ਅਤੇ ਇਕ ਨਗਾਰਾ ਸੌਂਪ ਕੇ ਜ਼ਾਲਮਾਂ ਨੂੰ ਸੋਧਣ ਲਈ ਪੰਜਾਬ ਵੱਲ ਤੋਰਿਆ।

ਸਫ਼ਰ ਦੌਰਾਨ ਹੀ ਬਾਬਾ ਬੰਦਾ ਸਿੰਘ ਨੂੰ ਗੁਰੂ ਸਾਹਿਬ ਦੇ ਜੋਤੀ ਜੋਤਿ ਸਮਾਉਣ (1708 ਈ.) ਦੀ ਸੂਚਨਾ ਮਿਲੀ। ਧਨ, ਬਾਰੂਦ ਅਤੇ ਫੌਜ ਦੀ ਅਣਹੋਂਦ ਕਾਰਨ ਅਜੇ ਉਹ ਹਕੂਮਤ ਨਾਲ ਸਿੱਧੀ ਟੱਕਰ ਨਹੀਂ ਸੀ ਲੈਣੀ ਚਾਹੁੰਦੇ। ਕੁਝ ਸਮਾਂ ਉਹ ਖਰਖੌਡੇ ਦੇ ਪਰਗਨੇ ਵਿਚ ਸਿਹਰੀ-ਖੰਡੇ ਪਿੰਡਾਂ ਦੇ ਨੇੜੇ ਰਹੇ। ਉਥੇ ਹੀ ਉਨ੍ਹਾਂ ਨੇ ਗੁਰੂ ਜੀ ਦੇ ਹੁਕਮਨਾਮੇ ਸਿੱਖਾਂ ਵੱਲ ਭੇਜੇ।

ਕੁਝ ਮਹੀਨਿਆਂ ਵਿਚ ਬਾਬਾ ਬੰਦਾ ਸਿੰਘ ਨਾਲ ਕਾਫੀ ਸੂਰਮੇ ਆ ਰਲੇ, ਜਿਨ੍ਹਾਂ ਦੀ ਮਦਦ ਨਾਲ ਉਨ੍ਹਾਂ ਨੇ ਸਮਾਣਾ ਉੱਤੇ ਹਮਲਾ ਬੋਲ ਦਿੱਤਾ। ਗੁਰੂ ਤੇਗ਼ ਬਹਾਦਰ ਜੀ ਨੂੰ ਸ਼ਹੀਦ ਕਰਨ ਵਾਲਾ ਜੱਲਾਦ ਜਲਾਲੁਦੀਨ ਇਸੇ ਸ਼ਹਿਰ ਵਿਚ ਰਹਿੰਦਾ ਸੀ। ਇਸ ਸ਼ਹਿਰ ਨੂੰ ਖੂਬ ਲੁੱਟਿਆ ਗਿਆ ਅਤੇ 1000 ਦੇ ਲਗਭਗ ਲੋਕ ਮੌਤ ਦੇ ਘਾਟ ਉਤਾਰੇ ਗਏ।

ਬਾਬਾ ਬੰਦਾ ਸਿੰਘ ਦਾ ਅਗਲਾ ਨਿਸ਼ਾਨਾ ਸਢੌਰਾ ਸੀ। ਰਾਹ ਵਿਚ ਉਨ੍ਹਾਂ ਨੇ ਘੜਾਮ, ਠਸਕਾ ਤੇ ਮੁਸਤਫਾਬਾਦ ਆਦਿ ਨੂੰ ਫ਼ਤਹਿ ਕਰਕੇ ਕਪੂਰੀ ਤੇ ਧਾਵਾ ਬੋਲਿਆ। ਕਪੂਰੀ ਦਾ ਫੌਜਦਾਰ ਕਦਮੁਦੀਨ ਹਿੰਦੂ ਲੜਕੀਆਂ ਨੂੰ ਆਪਣੀ ਕਾਮ-ਵਾਸ਼ਨਾ ਦਾ ਸ਼ਿਕਾਰ ਬਣਾਉਂਦਾ ਸੀ। ਉਸਦੇ ਦੁਰਾਚਾਰ ਦੇ ਅੱਡੇ ਨੂੰ ਮਿੱਟੀ ਵਿਚ ਮਿਲਾ ਕੇ ਬਾਬਾ ਬੰਦਾ ਸਿੰਘ ਨੇ ਸਢੌਰੇ ਵੱਲ ਮੂੰਹ ਕੀਤਾ। ਇਥੋਂ ਦੇ ਹਾਕਮ ਉਸਮਾਨ ਖ਼ਾਨ ਨੇ ਮੁਸਲਿਮ ਪੀਰ ਸੱਯਦ ਬੁੱਧੂ ਸ਼ਾਹ ਨੂੰ ਇਸ ਲਈ ਕਤਲ ਕਰਵਾ ਦਿੱਤਾ ਸੀ, ਕਿਉਂਕਿ ਉਸਨੇ ਭੰਗਾਣੀ ਦੇ ਯੁੱਧ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਦਦ ਕੀਤੀ ਸੀ। ਇਥੇ ਵੀ ਬਾਬਾ ਬੰਦਾ ਸਿੰਘ ਦੀਆਂ ਫੌਜਾਂ ਨੂੰ ਬੇਮਿਸਾਲ ਸਫਲਤਾ ਮਿਲੀ।

ਜਦੋਂ ਬੰਦਾ ਸਿੰਘ ਬਹਾਦਰ ਨਾਂਦੇੜ ਤੋਂ ਪੰਜਾਬ ਵੱਲ ਤੁਰੇ ਸਨ ਤਾਂ ਉਨ੍ਹਾਂ ਕੋਲ 25 ਕੁ ਸਿੰਘਾਂ ਤੋਂ ਇਲਾਵਾ ਕੋਈ ਫੌਜ ਨਹੀਂ ਸੀ। ਮੁਸਲਮਾਨ ਲੇਖਕ ਖਾਫੀ ਖਾਨ ਤੇ ਮੁਹੰਮਦ ਕਾਸਮ ਅਨੁਸਾਰ ਛੇਤੀ ਹੀ ਉਨ੍ਹਾਂ ਨਾਲ 4000 ਘੋੜ ਸਵਾਰ ਤੇ 7800 ਸਿਪਾਹੀ ਪੈਦਲ ਆ ਰਲੇ। ਗੋਕਲ ਚੰਦ ਨਾਰੰਗ ਅਨੁਸਾਰ ਪੈਦਲ ਸੈਨਿਕਾਂ ਦੀ ਗਿਣਤੀ 8900 ਹੋ ਗਈ ਅਤੇ ਵਧਦੀ ਹੋਈ 40,000 ਤੱਕ ਪਹੁੰਚ ਗਈ।

ਬਾਬਾ ਬੰਦਾ ਸਿੰਘ ਬਹਾਦਰ ਦੇ ਸਮਕਾਲੀ ਮੁਸਲਮਾਨ ਲੇਖਕ ਕਾਸਮ ਲਾਹੌਰੀ ਦੀ ਲਿਖਤ 'ਇਬਾਰਤਨਾਮਾ' (1722 ਈ.) ਅਨੁਸਾਰ ਸਿੱਖਾਂ ਤੇ ਮੁਗਲਾਂ ਵਿਚਕਾਰ ਘੋਲ ਗੁਰੂ ਗੋਬਿੰਦ ਸਿੰਘ ਦੇ ਜੋਤੀ-ਜੋਤਿ ਸਮਾਉਣ ਤੋਂ ਪਿੱਛੋਂ ਸ਼ੁਰੂ ਹੋਇਆ ਅਤੇ ਇਸਨੂੰ ਸ਼ੁਰੂ ਕਰਨ ਵਾਲਾ ਬੰਦਾ ਸਿੰਘ ਬਹਾਦਰ ਸੀ। ਇਉਂ ਬਾਬਾ ਬੰਦਾ ਸਿੰਘ ਬਹਾਦਰ ਨੇ ਪੰਜਾਬ ਦੀ ਸਿਆਸਤ ਵਿਚ ਪਹਿਲੀ ਵਾਰ ਸਰਗਰਮ ਧਮਾਕੇ ਕੀਤੇ। ਇਸ ਧਮਾਕੇ ਨੂੰ 'ਅਜਬ ਬਲਾ' ਕਹਿਣ ਵਾਲੇ ਸਰਕਾਰੀ ਮੁਸਲਮਾਨ ਲੇਖਕ ਇਸ ਗੱਲ ਦੀ ਪ੍ਰੋੜ੍ਹਤਾ ਕਰਦੇ ਹਨ ਕਿ ਪੰਜਾਬ ਦੀ ਸਿਆਸਤ ਵਿਚ ਬੰਦਾ ਸਿੰਘ ਨੇ ਅਜਿਹੀ ਹਲਚਲ ਮਚਾਈ ਕਿ ਮੁਗਲਾਂ ਨੂੰ ਵਿਸ਼ਵਾਸ ਨਹੀਂ ਸੀ ਆ ਰਿਹਾ ਕਿ ਇਉਂ ਵੀ ਹੋ ਸਕਦਾ ਹੈ।

ਬਾਬਾ ਬੰਦਾ ਸਿੰਘ ਦੇ ਪੰਜਾਬ ਵਿਚ ਆਉਣ ਬਾਰੇ ਸੁਣ ਕੇ ਮਾਝੇ ਤੇ ਦੁਆਬੇ ਦੇ ਸਿੱਖਾਂ ਨੇ ਹਕੂਮਤ ਵਿਰੁੱਧ ਬਗ਼ਾਵਤ ਕਰ ਦਿੱਤੀ, ਕਿਉਂਕਿ ਹੁਣ ਉਨ੍ਹਾਂ ਦੇ ਹੌਸਲੇ ਬੁਲੰਦ ਹੋ ਚੁੱਕੇ ਸਨ। ਉਹ ਰੋਪੜ ਨੂੰ ਜਿੱਤ ਕੇ ਬਾਬਾ ਬੰਦਾ ਸਿੰਘ ਨਾਲ ਆ ਰਲੇ। ਕਵੀ ਮਾਨ ਸਿੰਘ ਹਕੀਰ ਨੇ 'ਬੰਦਾ ਬਹਾਦਰ ਦੀ ਵਾਰ' ਵਿਚ ਇਸ ਤੱਥ ਨੂੰ ਇਉਂ ਚਿਤਰਿਆ ਹੈ :

ਬੰਦਾ ਸਿੰਘ ਦੇ ਸਿੰਘ ਸੀ, ਜਿਥੇ ਵੀ ਬੁੱਕ।
ਗਾਜ਼ੀ ਵਾਂਗਰ ਗਿੱਦੜਾਂ, ਡਰ ਘਰਾਂ 'ਚ ਲੁੱਕੇ।
ਤੀਰ-ਪਠਾਣੀ ਬਣ ਗਏ, ਜਿਉਂ ਦੋਧੇ-ਤੁੱਕੇ।
ਸਿੰਘਾਂ ਵਿਚ ਮੈਦਾਨ ਦੇ, ਕਈ ਡੰਡੇ ਡੁੱਕੇ।
ਧੁਰ ਦਿੱਲੀ ਜਾ ਖੜਕੀਆਂ, ਤਾਰਾਂ ਤੇ ਤਾਰਾਂ।
ਫੌਜ-ਪਠਾਣੀ ਸਹਿ ਰਹੀ, ਹਾਰਾਂ ਤੇ ਹਾਰਾਂ।
ਭੜਥੂ ਪਾ ਹੈ ਰੱਖਿਆ, ਸਿੰਘਾਂ ਸਰਦਾਰਾਂ।
ਘੇਰਾ ਘੱਤੋ ਬੰਦੇ ਨੂੰ, ਹੁਣ ਸਭ ਸਰਕਾਰਾਂ।

ਪਰ ਬਾਬਾ ਬੰਦਾ ਸਿੰਘ ਇਕ ਜ਼ਲਜ਼ਲੇ, ਸਮੁੰਦਰੀ ਤੂਫਾਨ ਤੇ ਬਿਜਲਈ ਸ਼ਕਤੀ ਨਾਲ ਅੱਗੇ ਤੋਂ ਅੱਗੇ ਵਧਦਾ ਚਲਾ ਗਿਆ। ਆਖਰ ਉਹ ਘੜੀ ਆ ਗਈ, ਜਿਸਦਾ ਉਹ ਬੜੀ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਸਨ। ਉਨ੍ਹਾਂ ਦਾ ਅਸਲ ਨਿਸ਼ਾਨਾ ਸਰਹਿੰਦ ਉਤੇ ਧਾਵਾ ਬੋਲਣਾ ਸੀ। ਇਥੋਂ ਦੇ ਸੂਬੇਦਾਰ ਵਜ਼ੀਰ ਖਾਨ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਮਾਸੂਮ ਸਾਹਿਬਜ਼ਾਦਿਆਂ (ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਹਿ ਸਿੰਘ) ਨੂੰ ਨੀਹਾਂ ਵਿਚ ਚਿਣਵਾ ਕੇ ਸ਼ਹੀਦ ਕੀਤਾ ਸੀ। ਵਜ਼ੀਰ ਖਾਂ ਨੂੰ ਸਬਕ ਸਿਖਾਉਣ ਲਈ ਸਿੰਘਾਂ ਨੇ ਚੱਪੜਚਿੜੀ ਦਾ ਮੈਦਾਨ ਆ ਮੱਲਿਆ। (ਚੱਪੜਚਿੜੀ ਸਰਹਿੰਦ ਤੋਂ ਕਰੀਬ 12 ਕੋਹ ਦੀ ਵਿੱਥ ਤੇ ਖਰੜ-ਲਾਂਡਰਾਂ ਸੜਕ ਤੇ ਸਥਿਤ ਹੈ) 12 ਮਈ, 1710 ਈ. ਨੂੰ ਚੱਪੜਚਿੜੀ ਦੇ ਸਥਾਨ ਤੇ ਦੋਹਾਂ ਫੌਜਾਂ ਵਿਚਕਾਰ ਗਹਿਗੱਚ ਲੜਾਈ ਹੋਈ। ਭਾਈ ਫ਼ਤਹਿ ਸਿੰਘ ਅਤੇ ਭਾਈ ਕਰਮ ਸਿੰਘ ਦੀ ਅਗਵਾਈ ਹੇਠਾਂ ਸਿੰਘਾਂ ਨੇ ਬਹਾਦਰੀ ਨਾਲ ਫੈਸਲਾਕੁੰਨ ਲੜਾਈ ਲੜੀ ਅਤੇ ਵਜ਼ੀਰ ਖਾਨ ਨੂੰ ਪਾਰ ਬੁਲਾ ਦਿੱਤਾ। ਸਿੰਘਾਂ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਸਿੱਖ ਸੈਨਾ ਜਿੱਤ ਦੇ ਡੰਕੇ ਵਜਾਉਂਦੀ 14 ਮਈ, 1710 ਈ. ਨੂੰ ਸਰਹਿੰਦ ਵਿਚ ਦਾਖਲ ਹੋਈ। ਵੇਖਦੇ- ਵੇਖਦੇ ਵਸਦਾ-ਰਸਦਾ ਸਰਹਿੰਦ ਸ਼ਹਿਰ ਖੰਡਰ ਵਿਚ ਤਬਦੀਲ ਹੋ ਗਿਆ। ਸ਼ਾਹੀ ਅਮੀਰਾਂ ਨੂੰ ਲੁੱਟਿਆ ਗਿਆ ਅਤੇ ਦੋਸ਼ੀਆਂ ਨੂੰ ਚੁਣ-ਚੁਣ ਕੇ ਮਾਰਿਆ ਗਿਆ।

ਸਰਹਿੰਦ ਦੀ ਫ਼ਤਹਿ ਨੇ ਸਿੱਖਾਂ ਦਾ ਰੋਅਬ ਤੇ ਦਬਦਬਾ ਸਾਰੇ ਪੰਜਾਬ ਵਿਚ ਬਿਠਾ ਦਿੱਤਾ। ਸਤਲੁਜ ਤੋਂ ਜਮਨਾ ਤੱਕ ਸਿੰਘਾਂ ਦੀ ਹਕੂਮਤ ਕਾਇਮ ਹੋ ਗਈ। ਭਾਈ ਬਾਜ ਸਿੰਘ ਨੂੰ ਸਰਹਿੰਦ ਦਾ ਸੂਬੇਦਾਰ ਨਿਯੁਕਤ ਕੀਤਾ ਗਿਆ। ਭਾਈ ਫ਼ਤਹਿ ਸਿੰਘ ਨੂੰ ਸਮਾਣੇ ਦਾ ਗਵਰਨਰ ਬਣਾਇਆ ਗਿਆ ਅਤੇ ਥਾਨੇਸਰ ਦੀ ਸੂਬੇਦਾਰੀ ਭਾਈ ਰਾਮ ਸਿੰਘ ਨੂੰ ਸੌਂਪੀ ਗਈ।

ਮਲੇਰਕੋਟਲਾ ਅਤੇ ਰਾਏਕੋਟ ਜਿੱਤ ਕੇ ਬਾਬਾ ਬੰਦਾ ਸਿੰਘ ਨੇ ਸਿੱਖ ਰਾਜ ਦੀ ਸਥਾਪਨਾ ਦਾ ਖ਼ਾਲਸਈ ਪਰਚਮ ਲਹਿਰਾ ਦਿੱਤਾ। ਆਪਣੀ ਹਕੂਮਤ ਨੂੰ ਪੱਕਾ ਕਰਨ ਲਈ ਉਨ੍ਹਾਂ ਨੇ ਮੁਖਲਿਸਗੜ੍ਹ ਦਾ ਪੁਰਾਣਾ ਸ਼ਾਹੀ ਕਿਲ੍ਹਾ ਮੁਰੰਮਤ ਕਰਵਾਇਆ, ਜਿਸ ਉਤੇ ਸਢੌਰੇ ਦੀ ਜਿੱਤ ਪਿੱਛੋਂ ਬਾਬਾ ਬੰਦਾ ਸਿੰਘ ਨੇ ਅਧਿਕਾਰ ਜਮਾ ਲਿਆ ਸੀ। ਇਹਦਾ ਨਾਂ ਬਦਲ ਕੇ ਲੋਹਗੜ੍ਹ ਰੱਖਿਆ ਗਿਆ ਅਤੇ ਇਸਨੂੰ ਆਪਣੀ ਰਾਜਧਾਨੀ ਬਣਾ ਲਿਆ। ਬਾਬਾ ਬੰਦਾ ਸਿੰਘ ਦੀ ਕਮਾਨ ਹੇਠ ਖ਼ਾਲਸੇ ਦੀ ਭਾਰੀ ਫੌਜ ਸੀ ਅਤੇ ਉਹ ਕਈ ਇਲਾਕਿਆਂ ਦੇ ਮਾਲਕ ਬਣ ਗਏ ਸਨ। ਉਨ੍ਹਾਂ ਨੇ ਪਹਿਲੀ ਵਾਰ ਗੁਰੂ ਨਾਨਕ ਦੇਵ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ 'ਤੇ ਫਾਰਸੀ ਅੱਖਰਾਂ ਵਿਚ ਸਿੱਕਾ ਜਾਰੀ ਕੀਤਾ, ਜਿਸ ਤੇ ਲਿਖਿਆ ਸੀ:

ਸਿੱਕਾ ਜ਼ਦ ਬਰ ਹਰ ਦੋ ਆਲਮ ਤੇਗ਼ਿ ਨਾਨਕ ਵਾਹਿਬ ਅਸਤ।
ਫ਼ਤਹਿ ਗੋਬਿੰਦ ਸਿੰਘ ਸ਼ਾਹਿ-ਸ਼ਾਹਾਨ ਫ਼ਜ਼ਲਿ ਸੱਚਾ ਸਾਹਿਬ ਅਸਤ।
(ਅਰਥਾਤ : ਸਿੱਕਾ ਮਾਰਿਆ ਦੋ ਜਹਾਨ ਉਤੇ/ਬਖਸ਼ਾਂ ਬਖਸ਼ੀਆਂ ਨਾਨਕ ਦੀ ਤੇਗ ਨੇ ਜੀ/ ਫ਼ਤਹਿ ਸ਼ਾਹਿ ਸ਼ਾਹਾਨ ਗੋਬਿੰਦ ਸਿੰਘ ਦੀ/ਮਿਹਰਾਂ ਕੀਤੀਆਂ ਸੱਚੇ ਰੱਬ ਏਕ ਨੇ ਜੀ।)

ਆਪਣੇ ਹੁਕਮਨਾਮਿਆਂ, ਫ਼ਰਮਾਨਾਂ ਜਾਂ ਚਿੱਠੀਆਂ ਆਦਿ ਉਤੇ ਲਾਉਣ ਲਈ ਉਨ੍ਹਾਂ ਨੇ ਇਕ ਮੋਹਰ ਤਿਆਰ ਕਰਵਾਈ, ਜਿਸ ਉਤੇ ਗੁਰੂ ਨਾਨਕ ਦੇਵ-ਗੁਰੂ ਗੋਬਿੰਦ ਸਿੰਘ ਜੀ ਦੇ ਨਾਂ ਵਾਲੇ ਇਹ ਸ਼ਬਦ ਅੰਕਿਤ ਸਨ :

ਦੇਗ਼ੋ ਤੇਗ਼ੋ ਫ਼ਤਹਿ ਨੁਸਰਤਿ ਬੇ-ਦਿਰੰਗ।
ਯਾਫਤ ਅਜ਼ ਨਾਨਕ ਗੁਰੂ ਗੋਬਿੰਦ ਸਿੰਘ।
(ਅਰਥਾਤ - ਦੇਗ਼ ਤੇਗ ਜਿੱਤ ਸੇਵ ਨਿਰਾਲਮ, ਗੁਰੂ ਨਾਨਕ-ਗੋਬਿੰਦ ਸਿੰਘ ਤੋਂ ਪਾਈ)

ਜਮਨਾ-ਗੰਗਾ ਅਤੇ ਦੁਆਬੇ ਦੇ ਇਲਾਕਿਆਂ ਵਿਚ ਬਾਬਾ ਬੰਦਾ ਸਿੰਘ ਨੇ ਸਹਾਰਨਪੁਰ, ਜਲਾਲਾਬਾਦ ਤੇ ਨਨੌਤਾ ਆਦਿ ਸ਼ਹਿਰ ਫ਼ਤਹਿ ਕੀਤੇ। ਅਸਲ ਵਿਚ ਸਰਹਿੰਦ ਦੀ ਜਿੱਤ ਨੇ ਸਿੱਖਾਂ ਵਿਚ ਇਕ ਨਵਾਂ ਜੋਸ਼ ਅਤੇ ਜਾਗ੍ਰਿਤੀ ਪੈਦਾ ਕਰ ਦਿੱਤੀ ਸੀ। ਮਾਝੇ ਅਤੇ ਹੋਰ ਇਲਾਕੇ ਦੇ ਸਿੰਘਾਂ ਨੇ ਇਕੱਠੇ ਹੋ ਕੇ ਅੰਮ੍ਰਿਤਸਰ ਵਿਚ ਗੁਰਮਤਾ ਸੋਧਿਆ ਅਤੇ ਪੰਜਾਬ ਦੇ ਕਈ ਇਲਾਕਿਆਂ ਉਤੇ ਅਧਿਕਾਰ ਜਮਾ ਲਿਆ। ਬਟਾਲਾ, ਕਲਾਨੌਰ ਜਿੱਤ ਕੇ ਸਿੱਖ ਸੈਨਾ ਲਾਹੌਰ ਤੱਕ ਜਾ ਪਹੁੰਚੀ।

ਸਿੰਘਾਂ ਦਾ ਅਜਿਹਾ ਦਬਦਬਾ ਵੇਖ ਕੇ ਲਾਹੌਰ ਦਾ ਸੂਬੇਦਾਰ ਅਸਲਮ ਖਾਨ ਘਬਰਾ ਗਿਆ। ਮੌਲਾਣਿਆਂ ਨੇ ਹੈਦਰੀ ਝੰਡਾ ਝੁਲਾ ਕੇ ਮੁਗਲਾਂ ਨੂੰ ਸਿੱਖਾਂ ਵਿਰੁੱਧ ਜਹਾਦ ਕਰਨ ਲਈ ਪ੍ਰੇਰਿਆ। ਸਿੱਖਾਂ ਨੇ ਕਿਲ੍ਹਾ ਭਗਵੰਤ ਰਾਏ ਤੇ ਕੋਟਲਾ ਬੇਗਮ ਤੋਂ ਮੁੜ ਜਹਾਦੀਆਂ ਨੂੰ ਭੀਲੋਵਾਲ ਪਿੰਡ ਨੇੜੇ ਅਜਿਹੀ ਕਰਾਰੀ ਹਾਰ ਦਿੱਤੀ ਕਿ ਲਾਹੌਰ ਤੋਂ ਬਿਨਾਂ ਸਾਰਾ ਮਾਝਾ ਅਤੇ ਰਿਆੜਕੀ ਦਾ ਇਲਾਕਾ ਉਨ੍ਹਾਂ ਦੇ ਅਧੀਨ ਹੋ ਗਿਆ।

ਦੁਆਬੇ ਦੇ ਸਿੰਘਾਂ ਦੀ ਦੁਆਬੇ ਦੇ ਫੌਜਦਾਰ ਸ਼ਮਸ ਖ਼ਾਨ ਨਾਲ ਟੱਕਰ ਹੋ ਗਈ। ਸਿੰਘਾਂ ਨੇ ਬਾਬਾ ਬੰਦਾ ਸਿੰਘ ਜੀ ਨੂੰ ਮਦਦ ਲਈ ਸੁਨੇਹਾ ਭੇਜਿਆ। ਰਾਹੋਂ ਵਿਚ ਇਕ ਪੁਰਾਣਾ ਭੱਠਾ ਵੇਖ ਕੇ ਉਸਦੀ ਗੜ੍ਹੀ ਬਣਾ ਲਈ। ਸਿੱਖਾਂ ਨੇ ਰਾਹੋਂ ਛੱਡ ਦਿੱਤਾ, ਪਰ ਝਾੜੀਆਂ ਵਿਚ ਛੁਪ ਕੇ ਮੌਕੇ ਦੀ ਨਜ਼ਾਕਤ ਵੇਖਦੇ ਰਹੇ। ਰਾਹੋਂ ਉਤੇ ਸ਼ਮਸ ਖਾਨ ਨੇ ਕਬਜ਼ਾ ਕੀਤਾ ਹੀ ਸੀ ਕਿ ਸਿੱਖਾਂ ਨੇ ਟਿਕਾਣਿਆਂ ਵਿਚੋਂ ਨਿਕਲ ਕੇ ਮੁਗਲ ਫੌਜ ਨੂੰ ਭਾਜੜ ਪਾ ਦਿੱਤੀ ਅਤੇ ਰਾਹੋਂ ਉਤੇ ਕਬਜ਼ਾ ਕਰ ਲਿਆ।

ਬਾਕੀ ਸਫ਼ਾ 8 'ਤੇ...



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

# PAL FILMS & PHOTO BOOKS

*All Your Photo/Videography & Post Production needs Under One Roof*



Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave**
**Pittsburgh, CA 94565**


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116

# SUNLIGHT ADULT DAY HEALTH CARE CENTRE

**ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ ਨਵੀਆਂ-ਨਵੀਆਂ communities ਦੇ ਲੋਕਾਂ ਨਾਲ ਬਿਤਾਓ ਸਮਾਂ**



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




**Bus Pickup & Drop**

**ਸਾਫ਼- ਸੁਥਰਾ ਮਾਹੌਲ**

**Health Care Facility**

**Physical, Occupational & Speech Therapy**

**Dietition ਦੁਆਰਾ ਤਿਆਰ Nutritional Diet**

**ਮੈਡੀਕਲ ਸਹੂਲਤਾਂ Entertainment ਲਈ GAMES**

**ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ**



**ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ**

**ADDRESS:1581 Cummins Drive Suite 100, Modesto, CA 95358**

**CALL TODAY AT - (209) 408-0019**

**Email : sunlightadhc@yahoo.com**

**ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ**

# ਵਿਦੇਸ਼ ਜਾਣ ਦੇ ਚੱਕਰ 'ਚ ਏਜੰਟਾਂ ਦੇ ਚੁੰਗਲ 'ਚ ਫਸੇ ਦੋ ਪੰਜਾਬੀ ਨੌਜਵਾਨ 1 ਸਾਲ ਤੋਂ ਇੰਡੋਨੇਸ਼ੀਆ ਦੀ ਜੇਲ੍ਹ 'ਚ ਬੰਦ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ

ਕੌਮਾਂਤਰੀ ਸਰਹੱਦ ਨੇੜਲੇ ਪਿੰਡ ਗੱਗੋਮਾਹਲ ਦੇ ਗੁਰਮੇਜ ਸਿੰਘ (22) ਅਤੇ ਮੋਦੇ ਵਾਸੀ ਉਸ ਦੇ ਚਚੇਰੇ ਭਰਾ ਅਜੈਪਾਲ ਸਿੰਘ (22) ਦੇ ਪਰਿਵਾਰਕ ਮੈਂਬਰ ਬਹੁਤ ਦੁਖੀ ਹਨ। ਇਮੀਗ੍ਰੇਸ਼ਨ ਏਜੰਟਾਂ ਦੀ ਧੋਖਾਧੜੀ ਕਾਰਨ ਦੋਵੇਂ ਨੌਜਵਾਨ ਲਗਪਗ ਇੱਕ ਸਾਲ ਤੋਂ ਇੰਡੋਨੇਸ਼ੀਆ ਦੀ ਜੇਲ੍ਹ ਵਿਚ ਬੰਦ ਹਨ। ਉਨ੍ਹਾਂ ਦੋਸ਼ ਲਾਇਆ ਕਿ ਝੂਠੇ ਕਤਲ ਕੇਸ ਵਿਚ ਫਸਾਏ ਹੋਣ ਦਾ ਪਤਾ ਹੋਣ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀ ਵਾਪਸੀ ਲਈ ਕੁਝ ਨਹੀਂ ਕੀਤਾ ਗਿਆ।

ਗੁਰਮੇਜ ਸਿੰਘ ਦੇ ਪਿਤਾ ਸਾਹਿਬ ਸਿੰਘ ਨੇ ਦੱਸਿਆ ਕਿ ਦੋਵਾਂ ਨੂੰ ਇੰਡੋਨੇਸ਼ੀਆ ਵਿਚ ਸਾਢੇ ਸੱਤ ਸਾਲ ਦੀ ਸਜ਼ਾ ਸੁਣਾਈ ਗਈ ਹੈ। ਉਹ ਪਿਛਲੇ ਸਾਲ ਮਈ ਮਹੀਨੇ ਦਿੱਲੀ ਤੋਂ ਇੰਡੋਨੇਸ਼ੀਆ ਗਏ ਸਨ ਕਿਉਂਕਿ ਏਜੰਟਾਂ ਨੇ ਉਨ੍ਹਾਂ ਨੂੰ ਮੈਕਸੀਕੋ ਰਸਤੇ ਅਮਰੀਕਾ ਭੇਜਣ ਦਾ ਵਾਅਦਾ ਕੀਤਾ ਸੀ। ਸਾਹਿਬ ਸਿੰਘ ਮੁਤਾਬਕ ਕੈਬਨਿਟ ਮੰਤਰੀ ਕੁਲਦੀਪ ਧਾਲੀਵਾਲ ਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਉਨ੍ਹਾਂ ਦੇ ਘਰ ਆਏ ਸਨ, ਜਿਨ੍ਹਾਂ ਨੇ ਦੋਵਾਂ ਦੀ ਸੁਰੱਖਿਅਤ ਵਾਪਸੀ ਲਈ ਕਦਮ ਚੁੱਕਣ ਦਾ ਭਰੋਸਾ ਦਿੱਤਾ ਸੀ ਪਰ ਹਾਲੇ ਤੱਕ ਕੁਝ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਅਮਰੀਕਾ ਵਿਚ ਬਿਹਤਰ ਜ਼ਿੰਦਗੀ ਦੀ ਉਮੀਦ ਲਈ ਉਨ੍ਹਾਂ ਨੇ ਆਪਣੀ ਜ਼ਮੀਨ ਜਾਇਦਾਦ ਗਹਿਣੇ ਰੱਖ ਦਿੱਤੀ ਹੈ। ਅਜੈਪਾਲ ਦੇ ਪਿਤਾ ਸੁਖਚੈਨ ਸਿੰਘ ਨੇ ਵੀ ਆਪਣੇ ਪੁੱਤਰ ਨੂੰ ਵਿਦੇਸ਼ ਭੇਜਣ ਲਈ ਆਪਣੀ ਜ਼ਮੀਨ ਗਿਰਵੀ ਰੱਖੀ ਹੋਈ ਸੀ। ਇਸ ਸਬੰਧੀ ਐੱਫ.ਆਈ.ਆਰ. ਦਰਜ ਹੋਣ ਦੇ ਇੱਕ ਸਾਲ ਬਾਅਦ ਵੀ ਇਸ ਮਾਮਲੇ ਪੁਲਿਸ ਦੇ ਹੱਥ ਹਾਲੇ ਖਾਲੀ ਹਨ। ਗੁਰਮੇਜ ਅਤੇ ਅਜੈਪਾਲ ਨੇ ਫੇਸਬੁੱਕ



ਰਾਹੀਂ ਦਿੱਲੀ ਦੇ ਚਰਨਜੀਤ ਸਿੰਘ ਸੋਢੀ ਦੇ ਸੰਪਰਕ 'ਚ ਆਏ ਸਨ। ਏਜੰਟ ਨੇ ਉਨ੍ਹਾਂ ਨੂੰ ਯਕੀਨ ਦਿਵਾਇਆ ਸੀ ਕਿ ਉਸ ਦੇ ਅਮਰੀਕਾ 'ਚ ਸਬੰਧ ਹਨ ਤੇ ਉਹ ਉਨ੍ਹਾਂ ਨੂੰ 35-35 ਲੱਖ ਰੁਪਏ 'ਚ ਅਮਰੀਕਾ ਭੇਜ ਸਕਦਾ ਹੈ। ਗੁਰਮੇਜ ਤੇ ਅਜੈਪਾਲ ਨੇ 5 ਮਈ ਨੂੰ ਆਪਣਾ ਸਫਰ ਸ਼ੁਰੂ ਕੀਤਾ ਤੇ ਦਿੱਲੀ ਤੋਂ 5000 ਡਾਲਰ ਲੈ ਕੇ ਚਾਰ ਦਿਨ ਬਾਅਦ ਉਨ੍ਹਾਂ ਨੂੰ ਇੰਡੋਨੇਸ਼ੀਆ ਭੇਜ ਦਿੱਤਾ ਗਿਆ। ਇੰਡੋਨੇਸ਼ੀਆ ਪਹੁੰਚਣ ਮਗਰੋਂ ਸਥਾਨਕ ਟਰੈਵਲ ਏਜੰਟ ਉਨ੍ਹਾਂ ਨੂੰ ਇੱਕ ਕਮਰੇ 'ਚ ਲੈ ਗਏ ਤੇ ਉਨ੍ਹਾਂ ਤੋਂ ਪਾਸਪੋਰਟ ਸਣੇ ਸਾਰੇ ਦਸਤਾਵੇਜ਼ ਲੈ ਲਏ। ਸਾਹਿਬ ਸਿੰਘ ਨੇ ਦੱਸਿਆ ਕਿ ਏਜੰਟਾਂ ਨੇ ਬੰਦੂਕ ਦੀ ਨੋਕ 'ਤੇ ਉਨ੍ਹਾਂ ਨੂੰ ਆਪੋ-ਆਪਣੇ ਪਰਿਵਾਰਾਂ ਕੋਲ ਫੋਨ 'ਤੇ ਇਹ ਝੂਠ ਬੋਲਣ ਲਈ ਵੀ ਮਜਬੂਰ ਕੀਤਾ ਕਿ ਉਹ ਸੁਰੱਖਿਅਤ ਹਨ ਤੇ ਜਲਦੀ ਹੀ ਅਮਰੀਕਾ ਲਈ ਰਵਾਨਾ ਹੋਣਗੇ। ਉਨ੍ਹਾਂ ਨੂੰ ਬਾਕੀ ਰਕਮ ਵੀ ਧੋਖੇਬਾਜ਼ਾਂ ਦੇ ਖਾਤੇ 'ਚ ਟਰਾਂਸਫਰ ਕਰਨ ਲਈ ਆਖਿਆ ਗਿਆ। ਸਾਹਿਬ ਸਿੰਘ ਨੇ ਦੱਸਿਆ, "13 ਮਈ ਨੂੰ ਏਜੰਟਾਂ ਵਿਚਾਲੇ ਪੈਸਿਆਂ ਨੂੰ ਲੈ ਕੇ ਝਗੜਾ ਹੋਇਆ ਸੀ ਤੇ ਉਦੋਂ ਹੀ ਗੁਰਮੇਜ ਤੇ ਅਜੈਪਾਲ ਉੱਥੋਂ ਭੱਜ ਕੇ ਏਅਰਪੋਰਟ 'ਤੇ ਪਹੁੰਚ ਗਏ। ਦੋਵਾਂ ਨੇ ਸਾਨੂੰ ਫੋਨ ਕਰਕੇ ਵਾਪਸੀ ਦੀਆਂ ਟਿਕਟਾਂ ਦਾ ਇੰਤਜ਼ਾਮ ਕਰਨ ਲਈ ਅਸੀਂ ਟਿਕਟਾਂ ਦਾ ਪ੍ਰਬੰਧ ਕੀਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਬੋਰਡਿੰਗ ਪਾਸ ਮਿਲ ਗਏ ਸਨ ਪਰ ਜਹਾਜ਼ 'ਚ ਬੈਠਣ ਤੋਂ ਪਹਿਲਾਂ ਕਿ ਇੰਡੋਨੇਸ਼ੀਆਈ ਅਧਿਕਾਰੀਆਂ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ, ਜਿਸ ਬਾਰੇ ਸਾਨੂੰ ਬਾਅਦ 'ਚ ਪਤਾ ਲੱਗਿਆ।" ਇੰਡੋਨੇਸ਼ੀਆ ਵਿਚ ਇਨ੍ਹਾਂ ਨੌਜਵਾਨਾਂ ਦੀ ਗ੍ਰਿਫਤਾਰੀ ਮਗਰੋਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਟਰੈਵਲ ਏਜੰਟਾਂ ਦਿੱਲੀ ਦੇ ਚਰਨਜੀਤ ਸਿੰਘ ਸੋਢੀ ਤੇ ਇੰਡੋਨੇਸ਼ੀਆ ਤੋਂ ਇਹ ਰੈਕੇਟ ਚਲਾ ਹੁਸ਼ਿਆਰਪੁਰ ਦੇ ਸੰਨੀ ਕੁਮਾਰ ਵਿਰੁੱਧ ਦੋ ਕੇਸ ਦਰਜ ਕੀਤੇ ਸਨ। ਹਾਲਾਂਕਿ ਇਸ ਮਾਮਲੇ 'ਚ ਹਾਲੇ ਤੱਕ ਕੋਈ ਵੀ ਗ੍ਰਿਫ਼ਤਾਰੀ ਨਹੀਂ ਹੋਈ ਹੈ। ਪੰਜਾਬ ਦੇ ਹੋਰ ਹਿੱਸਿਆਂ 'ਚ ਵੀ ਅਜਿਹੇ ਕਈ ਮਾਮਲਿਆਂ 'ਚ ਸੰਨੀ ਦਾ ਨਾਂ ਸਾਹਮਣੇ ਆਇਆ ਹੈ।

ਡੀ.ਐੱਸ.ਪੀ. ਅਟਾਰੀ ਸੁਖਜਿੰਦਰ ਸਿੰਘ ਥਾਪਰ ਨੇ ਦੱਸਿਆ ਕਿ ਸੋਢੀ ਤੇ ਉਸ ਤੇ ਪਰਿਵਾਰਕ ਮੈਂਬਰਾਂ ਦਾ ਕੋਈ ਥਹੁ-ਪਤਾ ਨਹੀਂ ਲੱਗਿਆ। ਐਡਰੈੱਸ ਸਹੀ ਨਾ ਹੋਣ ਕਾਰਨ ਪੁਲਿਸ ਦਿੱਲੀ 'ਚ ਉਸ ਦਾ ਪਤਾ ਨਹੀਂ ਲਾ ਸਕੀ, ਜਦਕਿ ਸੰਨੀ ਇੰਡੋਨੇਸ਼ੀਆ ਤੋਂ ਕੰਮ ਕਰ ਰਿਹਾ ਸੀ।

...ਸਫ਼ਾ 4 ਦੀ ਬਾਕੀ

# ਸਿੱਖ ਰਾਜ ਦੇ ਬਾਨੀ ਬਾਬਾ ਬੰਦਾ ਸਿੰਘ ਬਹਾਦਰ

ਸ਼ਮਸ ਖ਼ਾਨ ਨੇ ਬਹਾਦਰ ਸ਼ਾਹ ਨੂੰ ਮਦਦ ਲਈ ਲਿਖਿਆ। 10 ਦਸੰਬਰ,1710 ਈ. ਨੂੰ ਬਹਾਦਰ ਸ਼ਾਹ ਸ਼ਾਹੀ ਫੌਜਾਂ ਲੈ ਕੇ ਲੋਹਗੜ੍ਹ ਦੇ ਨੇੜੇ ਸਢੌਰੇ ਪਹੁੰਚਿਆ ਅਤੇ ਗੜ੍ਹੀ ਦੁਆਲੇ ਘੇਰਾ ਪਾ ਲਿਆ। ਪਰ 10-11 ਦਸੰਬਰ ਦੀ ਰਾਤ ਨੂੰ ਬਾਬਾ ਬੰਦਾ ਸਿੰਘ ਆਪਣੇ ਕੁਝ ਸਾਥੀਆਂ ਸਮੇਤ ਵੈਰੀ ਨੂੰ ਧੋਖਾ ਦੇ ਕੇ ਨਾਹਨ ਦੇ ਇਲਾਕੇ ਵਿਚ ਜਾ ਛੁਪੇ।

ਬਹਾਦਰ ਸ਼ਾਹ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਿਆ ਤਾਂ ਉਹ ਲਾਹੌਰ ਵਾਪਸ ਮੁੜ ਗਿਆ। ਇਥੇ ਦਸੰਬਰ 1712 ਈ. ਨੂੰ ਉਹਦੀ ਮੌਤ ਹੋ ਗਈ। ਉਸਦੀ ਮੌਤ ਪਿੱਛੋਂ ਰਾਜ-ਗੱਦੀ ਲਈ ਝਗੜਾ ਸ਼ੁਰੂ ਹੋ ਗਿਆ। ਆਖਰ ਫਰੁੱਖਸੀਅਰ ਤਖ਼ਤ ਦਾ ਮਾਲਕ ਬਣਿਆ। ਇਸ ਦੌਰਾਨ ਸਿੱਖਾਂ ਨੇ ਮੁੜ ਆਪਣੀ ਤਾਕਤ ਇਕੱਠੀ ਕੀਤੀ ਅਤੇ ਕਲਾਨੌਰ, ਲੋਹਗੜ੍ਹ ਅਤੇ ਸਢੇਰ ਉੱਤੇ ਫਿਰ ਤੋਂ ਕਬਜ਼ਾ ਕਰ ਲਿਆ ।

ਅਕਤੂਬਰ 1713 ਈ. ਤੋਂ ਫਰਵਰੀ 1715 ਈ. ਤੱਕ ਬਾਬਾ ਬੰਦਾ ਸਿੰਘ ਨੇ ਜੰਮੂ ਵਿਚ ਆਪਣਾ ਟਿਕਾਣਾ ਬਣਾਇਆ। ਇਥੋਂ ਉਹ ਪੰਜਾਬ ਦੇ ਹਾਲਾਤ ਉਤੇ ਨਜ਼ਰ ਰੱਖਦੇ ਰਹੇ। ਜੰਮੂ ਤੋਂ ਬਾਬਾ ਬੰਦਾ ਸਿੰਘ ਅਚਾਨਕ ਪੰਜਾਬ ਪਰਤ ਆਏ ਅਤੇ ਅਚਲ ਤੋਂ ਹੁੰਦੇ ਹੋਏ ਬਟਾਲੇ ਪੁੱਜੇ। ਦੂਜੇ ਪਾਸੇ ਅਬਦੁਸ ਸਮਦ ਖਾਂ ਨੇ ਵੀ ਹੋਰਨਾਂ ਮੁਗਲਾਂ ਦੀ ਮਦਦ ਨਾਲ ਬਾਬਾ ਬੰਦਾ ਸਿੰਘ ਉਤੇ ਪੂਰੀ ਨਜ਼ਰ ਰੱਖੀ। ਇਉਂ ਚਲਾਕੀ ਨਾਲ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਸਦੇ ਸਾਥੀਆਂ ਨੂੰ ਗੁਰਦਾਸ ਨੰਗਲ ਦੀ ਗੜ੍ਹੀ ਵਿਚ ਘੇਰ ਲਿਆ ਗਿਆ। ਦੁਸ਼ਮਣ ਫੌਜ ਨੇ ਲਗਾਤਾਰ ਅੱਠ ਮਹੀਨੇ ਪੂਰੀ ਮੁਸਤੈਦੀ ਨਾਲ ਗੜ੍ਹੀ ਨੂੰ ਪੂਰੀ ਤਰ੍ਹਾਂ ਘੇਰੀ ਰੱਖਿਆ। ਇਸ ਦੌਰਾਨ ਸਿੱਖਾਂ ਕੋਲ ਰਾਸ਼ਨ-ਪਾਣੀ ਮੁੱਕ ਗਿਆ। ਜ਼ਿੰਦਾ ਰਹਿਣ ਲਈ ਉਨ੍ਹਾਂ ਨੇ ਦਰਖਤਾਂ ਦੇ ਪੱਤੇ, ਸੱਕ, ਟਾਹਣੀਆਂ, ਘਾਹ, ਜਾਨਵਰਾਂ ਦੀਆਂ ਹੱਡੀਆਂ ਅਤੇ ਆਪਣੇ ਪੱਟਾਂ ਦਾ ਮਾਸ ਚੀਰ ਕੇ ਖਾਧਾ। ਇਸ ਨਾਲ ਕਈ ਸਿੰਘ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਗਏ ਅਤੇ ਕਈ ਭੁੱਖ ਕਾਰਨ ਜਹਾਨੋਂ ਚੱਲ ਵਸੇ। ਪਰ ਇੰਨੀਆਂ ਮੁਸ਼ਕਿਲਾਂ ਦੇ ਬਾਵਜੂਦ ਬਾਬਾ ਬੰਦਾ ਸਿੰਘ ਅਤੇ ਉਨ੍ਹਾਂ ਦੇ ਬਹਾਦਰ ਸਾਥੀਆਂ ਨੇ ਮੁਗਲਾਂ ਦਾ ਅੱਠ ਮਹੀਨੇ ਡੱਟ ਕੇ ਮੁਕਾਬਲਾ ਕੀਤਾ।

ਆਖਰ 7 ਦਸੰਬਰ,1715 ਈ. ਨੂੰ ਸ਼ਾਹੀ ਫੌਜਾਂ ਨੇ ਗੜ੍ਹੀ ਉਤੇ ਕਬਜ਼ਾ ਕਰ ਲਿਆ। ਤਿੰਨ ਸੌ ਦੇ ਕਰੀਬ ਸਿੰਘ ਉਥੇ ਹੀ ਸ਼ਹੀਦ ਕਰ ਦਿੱਤੇ ਗਏ। ਬਾਬਾ ਬੰਦਾ ਸਿੰਘ ਨੂੰ ਉਨ੍ਹਾਂ ਦੇ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਇਨ੍ਹਾਂ ਸਾਰਿਆਂ ਨੂੰ ਪਹਿਲਾਂ ਲਾਹੌਰ ਦੀਆਂ ਗਲੀਆਂ ਵਿਚ ਲਿਜਾ ਕੇ ਜਲੂਸ ਕੱਢਿਆ ਗਿਆ, ਫਿਰ ਜ਼ਕਰੀਆ ਖ਼ਾਨ ਦੀ ਨਿਗਰਾਨੀ ਹੇਠ ਦਿੱਲੀ ਭੇਜਿਆ ਗਿਆ।

27 ਫਰਵਰੀ, 1716 ਈ. ਨੂੰ ਇਹ ਕਾਫ਼ਲਾ ਦਿੱਲੀ ਪਹੁੰਚਿਆ। ਸਭ ਤੋਂ ਮੂਹਰੇ ਦੋ ਹਜ਼ਾਰ ਸਿੱਖਾਂ ਦੇ ਸਿਰਾਂ ਨੂੰ ਨੇਜ਼ਿਆਂ ਉਤੇ ਟੰਗਿਆ ਹੋਇਆ ਸੀ। ਪਿੱਛੇ ਬੰਦਾ ਸਿੰਘ ਬਹਾਦਰ ਨੂੰ ਲੋਹੇ ਦੇ ਪਿੰਜਰੇ ਵਿਚ ਬੰਦ ਕਰਕੇ ਇਕ ਹਾਥੀ ਉੱਤੇ ਬਿਠਾਇਆ ਹੋਇਆ ਸੀ। ਉਨ੍ਹਾਂ ਦਾ ਮਜ਼ਾਕ ਉਡਾਉਣ ਲਈ ਉਨ੍ਹਾਂ ਦੇ ਸਿਰ ਉਤੇ ਟੋਪੀਨੁਮਾ ਨੋਕਦਾਰ ਲਾਲ ਪਗੜੀ ਬੰਨ੍ਹੀ ਹੋਈ ਸੀ। ਉਸਦੇ ਪਿੱਛੇ ਜਰਾਬਖ਼ਤਰ ਪਹਿਨੀ ਇਕ ਜੱਲਾਦ ਨੰਗੀ ਤਲਵਾਰ ਲੈ ਕੇ ਖੜ੍ਹਾ ਸੀ। ਇਸਤੋਂ ਪਿੱਛੇ ਕਰੀਬ 740 ਸਿੱਖਾਂ ਨੂੰ ਭੇਡਾਂ ਦੀਆਂ ਖੱਲਾਂ ਅਤੇ ਟੋਪ ਪਹਿਨਾ ਕੇ ਊਠਾਂ ਉਤੇ ਦੋ-ਦੋ ਕਰਕੇ ਬੰਨ੍ਹਿਆ ਹੋਇਆ ਸੀ। ਪਰ ਗੁਰੂ ਦੇ ਬਹਾਦਰ ਸਿੰਘਾਂ ਦੇ ਜੱਲਾਲ ਵਿਚ ਕੋਈ ਫਰਕ ਨਹੀਂ ਸੀ। ਮੌਤ ਉਨ੍ਹਾਂ ਦੇ ਸਿਰ ਉਤੇ ਮੰਡਰਾ ਰਹੀ ਸੀ ਪਰ ਉਹ ਨਿਸ਼ਚਿੰਤ ਹੋ ਕੇ 'ਵਾਹਿਗੁਰੂ' ਦਾ ਜਾਪ ਕਰ ਰਹੇ ਸਨ।

ਫਰੁਖਸੀਅਰ ਦੇ ਹੁਕਮ ਨਾਲ ਬਾਬਾ ਬੰਦਾ ਸਿੰਘ ਬਹਾਦਰ, ਭਾਈ ਬਾਜ ਸਿੰਘ, ਭਾਈ ਫ਼ਤਹਿ ਸਿੰਘ ਅਤੇ ਕੁਝ ਹੋਰ ਸਿੱਖਾਂ ਨੂੰ ਤ੍ਰਿਪੋਲੀਆ ਜੇਲ੍ਹ ਭੇਜ ਦਿੱਤਾ ਗਿਆ। ਬਾਕੀ ਸਿੱਖਾਂ ਨੂੰ ਕਤਲ ਕਰਨ ਲਈ ਕੋਤਵਾਲ ਸਰਬਰਾਹ ਖਾਨ ਦੇ ਹਵਾਲੇ ਕਰ ਦਿੱਤਾ। 5 ਮਾਰਚ,1716 ਈ. ਨੂੰ ਸਿੱਖ ਸ਼ਹੀਦੀਆਂ ਦਾ ਖ਼ੌਫ਼ਨਾਕ ਸਿਲਸਿਲਾ ਸ਼ੁਰੂ ਹੋਇਆ। ਹਰ ਰੋਜ਼ 200 ਸਿੱਖਾਂ ਨੂੰ ਕਤਲ ਕੀਤਾ ਜਾਂਦਾ ਅਤੇ ਰਾਤੀਂ ਛਕੜਿਆਂ ਉੱਤੇ ਲੱਦ ਕੇ ਉਨ੍ਹਾਂ ਦੀਆਂ ਲਾਸ਼ਾਂ ਨੂੰ ਬਾਹਰ ਦਰਖਤਾਂ ਉੱਤੇ ਟੰਗ ਦਿੱਤਾ ਜਾਂਦਾ।

9 ਜੂਨ, 1716 ਈ. ਨੂੰ ਬਾਬਾ ਬੰਦਾ ਸਿੰਘ ਬਹਾਦਰ, ਉਨ੍ਹਾਂ ਦੇ ਮਾਸੂਮ ਪੁੱਤਰ ਅਜੈ ਸਿੰਘ, ਭਾਈ ਫਤਹਿ ਸਿੰਘ, ਭਾਈ ਬਾਜ ਸਿੰਘ ਅਤੇ ਕੁਝ ਹੋਰ ਸਿੱਖਾਂ ਨੂੰ ਇਬਰਾਹੀਮ ਖਾਨ, ਮੀਰ ਆਤਿਸ਼ ਅਤੇ ਸਰਬਰਾਹ ਖਾਨ ਕੋਤਵਾਲ ਦੀ ਨਿਗਰਾਨੀ ਹੇਠ ਜੇਲ੍ਹ ਤੋਂ ਬਾਹਰ ਕੱਢਿਆ ਗਿਆ। ਇਸ ਸਮੇਂ ਵੀ ਬਾਬਾ ਬੰਦਾ ਸਿੰਘ ਨੂੰ ਲੋਹੇ ਦੀਆਂ ਬੇੜੀਆਂ ਵਿਚ ਜਕੜਿਆ ਹੋਇਆ ਸੀ। ਉਨ੍ਹਾਂ ਦੇ ਸਿਰ ਉਤੇ ਤਿੱਲੇਦਾਰ ਲਾਲ ਪਗੜੀ ਅਤੇ ਕਮਖ਼ਾਬ ਦਾ ਚੋਗਾ ਪਹਿਨਿਆ ਹੋਇਆ ਸੀ। ਫਿਰ ਉਨ੍ਹਾਂ ਨੂੰ ਹਾਥੀ ਤੋਂ ਉਤਾਰ ਕੇ ਇਸਲਾਮ ਜਾਂ ਮੌਤ ਵਿਚੋਂ ਕਿਸੇ ਇਕ ਦੀ ਚੋਣ ਕਰਨ ਬਾਰੇ ਕਿਹਾ ਗਿਆ। ਪਰ ਬਾਬਾ ਬੰਦਾ ਸਿੰਘ ਨੇ ਇਕ ਸਿਦਕੀ ਅਤੇ ਸੱਚੇ ਸਿੱਖ ਵਾਂਗ ਮੌਤ ਨੂੰ ਪਹਿਲ ਦਿੱਤੀ। ਉਨ੍ਹਾਂ ਦੇ ਚਾਰ-ਸਾਲਾ ਬੱਚੇ ਅਜੈ ਸਿੰਘ ਨੂੰ ਉਨ੍ਹਾਂ ਦੇ ਸਾਹਮਣੇ ਕਤਲ ਕਰਕੇ ਉਸਦਾ ਤੜਫਦਾ ਦਿਲ ਬਾਬਾ ਬੰਦਾ ਸਿੰਘ ਦੇ ਮੂੰਹ ਵਿਚ ਤੁੰਨਿਆ ਗਿਆ। ਫਿਰ ਉਨ੍ਹਾਂ ਦੀ ਸੱਜੀ ਅੱਖ ਕੱਢੀ ਗਈ, ਫਿਰ ਖੱਬਾ ਪੈਰ ਵੱਢਿਆ ਗਿਆ, ਫਿਰ ਉਨ੍ਹਾਂ ਦੇ ਦੋਵੇਂ ਹੱਥ ਕੱਟ ਦਿੱਤੇ ਗਏ ਅਤੇ ਆਖਰ ਗਰਮ ਲਾਲ ਅੰਗਿਆਰ ਚਿਮਟੀਆਂ ਨਾਲ ਉਨ੍ਹਾਂ ਦੇ ਸਰੀਰ ਦਾ ਮਾਸ ਨੋਚਿਆ ਗਿਆ ਅਤੇ ਉਨ੍ਹਾਂ ਦਾ ਅੰਗ-ਅੰਗ ਵੱਖ ਕਰ ਦਿੱਤਾ ਗਿਆ। ਇਨ੍ਹਾਂ ਸਾਰੇ ਤਸੀਹਿਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਨੇ ਬੜੇ ਜਿਗਰੇ ਅਤੇ ਸਿੱਖੀ ਸਿਦਕ ਨਾਲ ਸਹਾਰਿਆ। ਇਸ ਤਰ੍ਹਾਂ ਅਕਹਿ ਤੇ ਅਸਹਿ ਕਸ਼ਟ ਸਹਾਰ ਕੇ ਅਤੇ ਆਪਣੇ ਧਰਮ ਵਿਚ ਪੱਕਾ ਰਹਿ ਕੇ ਉਹ ਸ਼ਹੀਦੀ ਪ੍ਰਾਪਤ ਕਰ ਗਏ।

ਨੋਬੇਲ ਇਨਾਮ ਜੇਤੂ ਬੰਗਲਾ ਕਵੀ ਡਾ. ਰਬਿੰਦਰ ਨਾਥ ਟੈਗੋਰ ਨੇ ਬਾਬਾ ਬੰਦਾ ਸਿੰਘ ਬਹਾਦਰ ਦੀ ਸੂਰਬੀਰਤਾ ਨੂੰ ਰੇਖਾਂਕਿਤ ਕਰਦੀ ਇਕ ਕਵਿਤਾ 'ਬੰਦੀ ਬੀਰ' ਬੰਗਲਾ ਭਾਸ਼ਾ ਵਿਚ ਲਿਖੀ ਹੈ। ਇਸ 'ਚੋਂ ਕੁਝ ਪੰਕਤੀਆਂ ਦਾ ਹਵਾਲਾ ਦੇਣਾ ਇਥੇ ਕੁਥਾਂ ਨਹੀਂ ਹੋਵੇਗਾ :

ਪੰਜ ਪਾਣੀਆਂ ਦੀ ਧਰਤ ਉਪਰ
ਇੱਕ ਨਵੇਂ ਯੁਗ ਦਾ ਪ੍ਰਵੇਸ਼ ਹੋਇਆ।
ਦਿੱਲੀ ਦੇ ਰਾਜ ਮਹੱਲਾਂ 'ਚ ਮੁਗਲ-ਬਾਦਸ਼ਾਹ
ਉਨੀਂਦਰੇ ਕੱਟਣ ਲਗੇ।
ਪੰਜਾਂ ਦਰਿਆਵਾਂ ਦੀ ਧਰਤ ਉਪਰ ਸ਼ਹੀਦਾਂ ਦਾ ਲਹੂ
ਸਮਕਾਲੀ ਜ਼ੁਲਮ ਵਿਰੁੱਧ ਬਗ਼ਾਵਤ ਕਰ ਉਠਿਆ।
ਬੰਦਾ ਬਹਾਦਰ ਦੀ ਦੇਹ ਨੂੰ
ਜ਼ੰਬੂਰਾਂ ਨਾਲ ਨੋਚਿਆ ਗਿਆ।
ਬੋਟੀ-ਬੋਟੀ ਕਰ ਦਿਤਾ ਗਿਆ
ਬਲੀ ਯੋਧਾ 'ਸੀਅ' ਨਾ ਆਖਦਿਆਂ
ਸੁਆਸ ਤਿਆਗ ਗਿਆ।
ਦਰਬਾਰ ਵਿਚ ਹਾਜ਼ਰ ਸਮੂਹ ਦਰਬਾਰੀਆਂ ਨੇ
ਅੱਖਾਂ ਮੁੰਦ ਲਈਆਂ
ਸਾਰੇ ਦਰਬਾਰੀ ਡੂੰਘੀਆਂ ਸੋਚਾਂ ਵਿਚ ਡੁੱਬ ਗਏ।

ਬਾਬਾ ਬੰਦਾ ਸਿੰਘ ਬਹਾਦਰ ਦੀ ਯਾਦ ਵਿਚ ਹੇਠ ਲਿਖੀਆਂ ਇਤਿਹਾਸਕ ਯਾਦਗਾਰਾਂ ਪੰਜਾਬ ਅਤੇ ਪੰਜਾਬ ਤੋਂ ਬਾਹਰ ਮਿਲਦੀਆਂ ਹਨ :

1. ਜੰਮੂ ਦੇ ਪਹਾੜੀ ਇਲਾਕੇ ਵਿਚ ਕਟੜੇ ਤੋਂ ਸੱਤ ਕੋਹ ਅਤੇ ਰਿਆਸੀ ਤੋਂ ਨੌ ਮੀਲ ਦੂਰ ਝਨਾਂ ਦੇ ਕੰਢੇ ਇਕ ਬੜਾ ਦਿਲਖਿੱਚਵਾਂ ਸਥਾਨ ਹੈ - ਡੇਰਾ ਬਾਬਾ ਬੰਦਾ ਸਾਹਿਬ। ਇਥੇ ਆ ਕੇ ਬਾਬਾ ਬੰਦਾ ਸਿੰਘ ਬਹਾਦਰ ਸਿੱਖ ਸੈਨਾ ਨੂੰ ਯੁੱਧ ਦੀ ਸਿਖਲਾਈ ਦਿੰਦੇ ਰਹੇ ਙ

2. ਸਰਹਿੰਦ ਤੋਂ ਕੁਝ ਦੂਰ ਅੱਗੇ ਗੁਰਦੁਆਰਾ ਫ਼ਤਹਿਗੜ੍ਹ ਸਾਹਿਬ ਦੀ ਡਿਊਢੀ ਤੇ ਬਾਬਾ ਬੰਦਾ ਸਿੰਘ ਬਹਾਦਰ ਗੇਟ ਬਣਿਆ ਹੋਇਆ ਹੈ।

3. ਫ਼ਤਹਿਗੜ੍ਹ ਸਾਹਿਬ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂ ਤੇ ਇੰਜੀਨੀਅਰਿੰਗ ਕਾਲਜ ਸਥਾਪਤ ਹੈ, ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਹੈ।

4. ਧਾਰੀਵਾਲ ਤੋਂ ਗੁਰਦਾਸਪੁਰ ਜਾਂਦਿਆਂ ਗੁਰਦਾਸ ਨੰਗਲ ਦੀ ਥੇਹ ਤੇ ਇਕ ਯਾਦਗਾਰੀ ਗੁਰਦੁਆਰਾ ਹੈ। ਇਥੋਂ ਹੀ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

5. ਨਾਂਦੇੜ (ਮਹਾਂਰਾਸ਼ਟਰ) ਵਿਖੇ ਗੁਰਦੁਆਰਾ ਬੰਦਾ ਘਾਟ ਹੈ।ਇਥੇ ਹੀ ਸੰਨ 1708 ਈ. ਵਿਚ (ਮਾਧੋਦਾਸ ਬੈਰਾਗੀ ਵਜੋਂ) ਬਾਬਾ ਬੰਦਾ ਸਿੰਘ ਬਹਾਦਰ ਦੀ ਸ੍ਰੀ ਗੁਰੂ ਗੋਬਿੰਦ ਸਿੰਘ ਨਾਲ ਮੁਲਾਕਾਤ ਹੋਈ ਸੀ।

6. ਗ੍ਰੇਟਰ ਮੋਹਾਲੀ ਸਰਹਿੰਦ ਵਿਖੇ ਗੁਰਦੁਆਰਾ ਸ਼ਹੀਦ ਗੰਜ, ਮੈਦਾਨ ਚੱਪੜਚਿੜੀ ਹੈ, ਜਿਥੇ ਸੂਬਾ ਸਰਹਿੰਦ ਵਜ਼ੀਰ ਖਾਨ ਅਤੇ ਬਾਬਾ ਬੰਦਾ ਸਿੰਘ ਬਹਾਦਰ ਵਿਚਕਾਰ ਹੋਈ ਫੈਸਲਾਕੁੰਨ ਲੜਾਈ ਵਿਚ ਵਜ਼ੀਰ ਖਾਨ ਮਾਰਿਆ ਗਿਆ ਅਤੇ ਅਨੇਕਾਂ ਸਿੰਘ ਸ਼ਹੀਦ ਹੋਏ ਸਨ।

7. ਸਢੌਰੇ ਤੋਂ ਕਰੀਬ 20 ਕਿਲੋਮੀਟਰ ਦੂਰ ਗੁਰਦੁਆਰਾ ਕਿਲ੍ਹਾ ਲੋਹਗੜ੍ਹ ਹੈ, ਜਿਸਦਾ ਪਹਿਲਾ ਨਾਂ ਮੁਖਲਿਸਗੜ੍ਹ ਸੀ। ਇਸਨੂੰ ਸਿੱਖਾਂ ਦੀ ਪਹਿਲੀ ਰਾਜਧਾਨੀ ਹੋਣ ਦਾ ਮਾਣ ਪ੍ਰਾਪਤ ਹੈ। ਇਥੇ ਹੀ ਸਿੱਖ ਰਾਜ ਦੀ ਨੀਂਹ ਰੱਖੀ ਗਈ।

8. ਦਿੱਲੀ ਵਿਖੇ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ, ਮਹਿਰੌਲੀ ਹੈ। ਇਸ ਥਾਂ ਤੇ ਬਾਬਾ ਬੰਦਾ ਸਿੰਘ ਬਹਾਦਰ, ਉਨ੍ਹਾਂ ਦੇ ਮਾਸੂਮ ਬੱਚੇ ਅਜੈ ਸਿੰਘ ਅਤੇ ਪ੍ਰਮੁੱਖ ਸਿੰਘਾਂ ਨੂੰ ਸ਼ਹੀਦ ਕੀਤਾ ਗਿਆ ਸੀ।

ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖਾਂ ਨੂੰ ਲੜਨਾ, ਜਿੱਤਣਾ ਅਤੇ ਰਾਜ ਕਰਨਾ ਸਿਖਾਇਆ। ਬੰਦਾ ਸਿੰਘ ਬਹਾਦਰ ਦੇ ਕਾਰਨਾਮੇ ਅਤੇ ਉਨ੍ਹਾਂ ਦੀ ਸ਼ਹਾਦਤ ਸਿੱਖ ਇਤਿਹਾਸ ਦੀ ਗੌਰਵਮਈ ਗਾਥਾ ਹੈ। ਮੁਗਲ ਹਾਕਮ ਉਨ੍ਹਾਂ ਦੇ ਨਾਮ ਤੋਂ ਥਰ-ਥਰ ਕੰਬਦੇ ਸਨ। ਇੱਕੋ ਝਟਕੇ ਨਾਲ ਪਲੋ-ਪਲੀ ਹਨੇਰੀ ਵਾਂਗ ਪ੍ਰਗਟ ਹੋ ਕੇ ਜ਼ੁਲਮ ਦੇ ਰਾਜ ਦਾ ਸਰਵਨਾਸ਼ ਕਰਕੇ ਸੁਤੰਤਰ ਖ਼ਾਲਸਾ ਰਾਜ ਦੀ ਪਹਿਲੀ ਸਥਾਪਨਾ ਕਰਨ ਦਾ ਮਾਣ ਨਿਸਚੈ ਹੀ ਬਾਬਾ ਬੰਦਾ ਸਿੰਘ ਬਹਾਦਰ ਨੂੰ ਜਾਂਦਾ ਹੈ। ਬੰਦਾ ਸਿੰਘ ਬਹਾਦਰ ਇਕ ਮਹਾਨ ਜਰਨੈਲ, ਜੰਗਜੂ, ਨਿਰਭੈ ਯੋਧੇ ਅਤੇ ਸੱਚੇ ਸ਼ਰਧਾਲੂ ਸਿੱਖ ਦੇ ਤੌਰ ਤੇ ਉਭਰੇ, ਜਿਨ੍ਹਾਂ ਨੇ ਦੁਸ਼ਮਣ ਦੀਆਂ ਫੌਜਾਂ ਨਾਲ ਆਪ ਟੱਕਰ ਲੈ ਕੇ ਇਹ ਸਿੱਧ ਕਰ ਵਿਖਾਇਆ ਕਿ ਖ਼ਾਲਸਾ ਕੌਮ ਸਿਰਫ ਸ੍ਵੈ-ਰੱਖਿਆ ਲਈ ਹੀ ਨਹੀਂ ਲੜਦੀ, ਸਗੋਂ ਜ਼ਾਲਮ ਨੂੰ ਉਹਦੇ ਘਰ ਜਾ ਕੇ ਵੀ ਸੋਧਣ ਦੀ ਸਮਰੱਥਾ ਰੱਖਦੀ ਹੈ। ਪੰਜਾਬੀ ਦੇ ਇਕ ਚਰਚਿਤ ਕਵੀ ਸ. ਹਰਸਾ ਸਿੰਘ 'ਚਾਤਰ' ਨੇ ਇਸ ਮਹਾਨ ਸ਼ਹੀਦ ਨੂੰ ਆਪਣੀ ਸ਼ਰਧਾਂਜਲੀ ਭੇਟ ਕਰਦਿਆਂ ਲਿਖਿਆ ਹੈ :

ਬਰਕਤ ਪਾ ਦਸ਼ਮੇਸ਼ ਦੀ, ਬਣਿਆ ਬੰਦਾ ਸਿੰਘ ਬਲਕਾਰੀ।
ਡੌਲ਼ੇ ਉਹਦੇ ਲੋਹੇ ਦੇ, ਛਾਤੀ ਅਹਿਰਣ ਵਰਗੀ ਭਾਰੀ।
ਅੱਖਾਂ ਬਲਣ ਮਤਾਬੀਆਂ, ਫੂਕ ਸੁੱਟਣੀ ਜ਼ੁਲਮਤ ਸਾਰੀ।
ਕੱਦ ਕਾਠ ਵਰਿਆਮ ਦਾ, ਤੁਰਦੀ-ਫਿਰਦੀ ਜਿਵੇਂ ਅਟਾਰੀ।
ਹਾਥੀ ਢਾਹੇ ਓਸਨੇ, ਸ਼ੇਰਾਂ ਤੇ ਪਾਈ ਅਸਵਾਰੀ।
ਮਾਰ ਵਜੀਦੇ ਖਾਨ ਨੂੰ, ਧਰਤੋਂ ਭਾਰੀ ਪੰਡ ਉਤਾਰੀ।
ਰੱਤ ਵਿਚ ਡੋਬੇ ਉਸ ਨੇ, ਦੇਸ਼ ਧ੍ਰੋਹੀ ਤੇ ਹੰਕਾਰੀ।
ਸੁਣ-ਸੁਣ ਉਹਦੀਆਂ ਚੜ੍ਹਤਲਾਂ, ਕੰਬੇ ਦਿੱਲੀ ਕਰਮਾਂ ਮਾਰੀ।
ਆਖ਼ਰ ਫਸਿਆ ਪਿੰਜਰੇ, ਸਫ਼ਲ ਹੋਏ ਚਾਲੇ ਸਰਕਾਰੀ।
ਮਰਨੋਂ ਮੂਲ ਨਾ ਡੋਲਿਆ, ਦੇਸ਼ ਭਗਤ ਸੱਚ ਦਾ ਹਿਤਕਾਰੀ।
ਬੋਟੀ ਬੋਟੀ ਹੋ ਗਿਆ, ਸਿੱਖੀ ਨਹੀਂ ਸੂਰਮੇ ਹਾਰੀ।
ਵਿਰਲੇ ਜੰਮਣ ਜੱਗ ਤੇ, ਇਹੋ ਜਿਹੇ 'ਚਾਤਰ' ਉਪਕਾਰੀ।
ਜਿਨ੍ਹਾਂ ਦੇਸ਼ ਤੋਂ ਜਿੰਦੜੀ ਵਾਰੀ।


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਪੁਲਾੜ ਯਾਨ 'ਚ ਤਕਨੀਕੀ ਨੁਕਸ ਕਾਰਨ ਭਾਰਤੀ ਮੂਲ ਦੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਦਾ ਆਉਣਾ ਮੁਲਤਵੀ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਭਾਰਤੀ ਮੂਲ ਦੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਦੀ ਪੁਲਾੜ ਯਾਨ ਵਿਚ ਤਕਨੀਕੀ ਖ਼ਰਾਬੀ ਕਾਰਨ ਵਾਪਸੀ ਦੀ ਯਾਤਰਾ ਮੁਲਤਵੀ ਕਰ ਦਿੱਤੀ ਗਈ ਹੈ। ਅਮਰੀਕੀ ਪੁਲਾੜ ਏਜੰਸੀ (ਨਾਸਾ) ਨੇ ਅਜੇ ਤੱਕ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ਆਈ.ਐੱਸ.ਐੱਸ.) ਤੋਂ ਵਾਪਸੀ ਦੀ ਮਿੱਤੀ ਦਾ ਐਲਾਨ ਨਹੀਂ ਕੀਤਾ। ਉਹ ਪੁਲਾੜ ਯਾਤਰੀ ਬੁਚਵਿਲਮੋਰ ਦੇ ਨਾਲ ਬੋਇੰਗ ਸਟਾਰਲਾਈਨਰ ਪੁਲਾੜ ਯਾਨ ਵਿਚ ਇਸ ਮਹੀਨੇ ਦੀ 5 ਤਰੀਕ ਨੂੰ ਆਈ.ਐੱਸ.ਐੱਸ. ਪਹੁੰਚੀ ਸੀ। ਫਿਰ ਵੀ, ਤਕਨੀਕੀ ਸਮੱਸਿਆਵਾਂ ਕਾਰਨ ਯਾਤਰਾ ਨੂੰ ਕਈ ਵਾਰ ਮੁਲਤਵੀ ਕਰਨ ਤੋਂ ਬਾਅਦ, ਵਿਲੀਅਮਜ਼ ਅੰਤ ਵਿਚ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਉਤਰੀ। ਉਨ੍ਹਾਂ ਨੇ ਇਹ ਯਾਤਰਾ 10 ਦਿਨਾਂ ਦੇ ਮਿਸ਼ਨ ਦੇ ਹਿੱਸੇ ਵਜੋਂ ਕੀਤੀ। ਜਦੋਂ ਉਨ੍ਹਾਂ ਨੇ ਇਸ ਮਹੀਨੇ ਦੀ 14 ਤਰੀਕ ਨੂੰ ਉਤਰਨਾ ਸੀ, ਤਾਂ ਪੁਲਾੜ ਯਾਨ ਵਿਚ ਹੀਲੀਅਮ ਲੀਕ ਹੋਣ ਕਾਰਨ ਯਾਤਰਾ ਨੂੰ ਇਸ ਮਹੀਨੇ ਦੀ 26 ਤਰੀਕ ਤੱਕ ਮੁਲਤਵੀ ਕਰ ਦਿੱਤਾ ਗਿਆ ਸੀ। ਹਾਲ ਹੀ 'ਚ ਤਕਨੀਕੀ ਖਰਾਬੀ ਕਾਰਨ ਪੁਲਾੜ ਯਾਨ ਨੂੰ ਇਕ ਵਾਰ ਫਿਰ ਤੋਂ ਮੁਲਤਵੀ ਕਰ ਦਿੱਤਾ ਗਿਆ ਹੈ। ਸੁਨੀਤਾ ਵਿਲੀਅਮਜ਼ ਅਤੇ ਬੁਚਵਿਲ ਮੋਰ ਆਈ.ਐੱਸ.ਐੱਸ. 'ਤੇ ਰਹਿਣਗੇ। ਨਾਸਾ ਨੇ ਭਵਿੱਖਬਾਣੀ ਕੀਤੀ ਹੈ ਕਿ ਮਿਸ਼ਨ ਸਮੀਖਿਆ ਅਧੀਨ ਹੈ ਅਤੇ ਜੇਕਰ ਸਭ ਕੁਝ ਠੀਕ ਰਿਹਾ, ਤਾਂ ਉਹ ਅਗਲੇ ਮਹੀਨੇ ਦੀ 2 ਤਰੀਕ ਨੂੰ ਧਰਤੀ 'ਤੇ ਉਤਰ ਸਕਦਾ ਹੈ। ਨਾਸਾ ਨੇ ਕਿਹਾ ਕਿ ਵਿਲੀਅਮਜ਼ ਅਤੇ ਬੁਚਵਿਲ, ਆਈ.ਐੱਸ.ਐੱਸ. 'ਤੇ ਸੱਤ ਹੋਰ ਪੁਲਾੜ ਯਾਤਰੀਆਂ ਦੇ ਨਾਲ ਸੁਰੱਖਿਅਤ ਹਨ।

# ਟਰੰਪ ਵੱਲੋਂ ਅਮਰੀਕਾ ਤੋਂ ਗ੍ਰੈਜੂਏਸ਼ਨ ਕਰਨ ਵਾਲੇ ਵਿਦੇਸ਼ੀ ਵਿਦਿਆਰਥੀਆਂ ਨੂੰ ਗ੍ਰੀਨ ਕਾਰਡ ਦੇਣ ਦਾ ਵਾਅਦਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕੀ ਕਾਲਜ ਤੋਂ ਗ੍ਰੈਜੂਏਸ਼ਨ ਕਰਨ ਵਾਲੇ ਵਿਦੇਸ਼ੀ ਵਿਦਿਆਰਥੀਆਂ ਨੂੰ ਗ੍ਰੀਨ ਕਾਰਡ ਦੇਣ ਦਾ ਵਾਅਦਾ ਕੀਤਾ ਹੈ। ਇਕ ਪਾਡਕਾਸਟ 'ਚ ਟਰੰਪ ਨੇ ਕਿਹਾ ਕਿ ਇਸ ਕਦਮ ਨਾਲ ਭਾਰਤ ਅਤੇ ਚੀਨ ਵਰਗੇ ਦੇਸ਼ਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਅਮਰੀਕਾ 'ਚ ਰਹਿ ਸਕਣਗੇ। ਟਰੰਪ ਤੋਂ ਪੁੱਛਿਆ ਗਿਆ ਸੀ ਕਿ ਕੀ ਉਹ ਵਾਅਦਾ ਕਰਦੇ ਹਨ ਕਿ ਜਦੋਂ ਉਨ੍ਹਾਂ ਦੀ ਸਰਕਾਰ ਬਣੀ, ਤਾਂ ਉਹ ਟੇਕ ਕੰਪਨੀਆਂ ਨੂੰ ਭਾਰਤ ਵਰਗੇ ਦੇਸ਼ਾਂ ਤੋਂ ਪ੍ਰਤਿਭਾਸ਼ਾਲੀ ਲੋਕਾਂ ਦੀ ਹਾਇਰਿੰਗ 'ਚ ਮਦਦ ਕਰਨਗੇ। ਇਸ 'ਤੇ ਟਰੰਪ ਨੇ ਕਿਹਾ, "ਮੈਂ ਅਜਿਹਾ ਕਰਨਾ ਚਾਹੁੰਦਾ ਹਾਂ ਅਤੇ ਮੈਂ ਅਜਿਹਾ ਕਰਾਂਗਾ ਵੀ। ਮੈਨੂੰ ਲੱਗਦਾ ਹੈ ਕਿ ਅਮਰੀਕੀ ਕਾਲਜ ਤੋਂ ਗ੍ਰੈਜੂਏਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਤੁਰੰਤ ਗ੍ਰੀਨ ਕਾਰਡ ਦੇ ਦਿੱਤਾ ਜਾਣਾ ਚਾਹੀਦਾ। ਇਸ ਨਾਲ ਉਹ ਅਮਰੀਕਾ 'ਚ ਰਹਿ ਸਕਣਗੇ ਅਤੇ ਇੱਥੇ ਦੇ ਵਿਕਾਸ 'ਚ ਮਦਦ ਕਰ ਸਕਣਗੇ।" ਟਰੰਪ ਨੇ ਕਿਹਾ ਕਿ ਅਮਰੀਕਾ ਨੂੰ ਹਾਈ ਸਕਿੱਲਡ ਵਿਦਿਆਰਥੀਆਂ ਨੂੰ ਇੱਥੇ ਰੋਕਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਦੀਆਂ ਯੋਜਨਾਵਾਂ ਨਾਲ ਦੇਸ਼ ਨੂੰ ਫ਼ਾਇਦਾ ਹੋਵੇਗਾ। ਟਰੰਪ ਨੇ ਕਿਹਾ ਕਿ ਉਹ ਕਈ ਲੋਕਾਂ ਨੂੰ ਜਾਣਦੇ ਹਨ, ਜਿਨ੍ਹਾਂ ਨੇ ਅਮਰੀਕਾ ਤੋਂ ਗ੍ਰੈਜੂਏਸ਼ਨ ਕੀਤੀ ਪਰ ਗ੍ਰੀਨ ਕਾਰਡ ਨਾ ਹੋਣ ਕਾਰਨ ਉਹ ਇੱਥੇ ਨਹੀਂ ਰੁੱਕ ਸਕੇ। ਫਿਰ ਉਹ ਆਪਣੇ ਦੇਸ਼ ਚਲੇ ਗਏ ਅਤੇ ਉੱਥੇ ਜਾ ਕੇ ਅਰਬਪਤੀ ਬਣ ਗਏ। ਸਾਲ 2023 ਦੇ ਅੰਕੜਿਆਂ ਅਨੁਸਾਰ 2 ਲੱਖ ਤੋਂ ਵੱਧ ਭਾਰਤੀ ਵਿਦਿਆਰਥੀ ਅਮਰੀਕਾ ਤੋਂ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਕਰ ਰਹੇ ਹਨ। ਜੇਕਰ ਟਰੰਪ ਆਪਣੀ ਗੱਲ 'ਤੇ ਕਾਇਮ ਰਹਿੰਦੇ ਹਨ, ਤਾਂ ਇਨ੍ਹਾਂ 'ਚੋਂ ਕਈ ਵਿਦਿਆਰਥੀ ਆਸਾਨੀ ਨਾਲ ਅਮਰੀਕਾ ਦਾ ਗ੍ਰੀਨ ਕਾਰਡ ਹਾਸਲ ਕਰ ਸਕਣਗੇ।

# ਸਿੱਖਸ ਆਫ਼ ਡੀਐੱਮਵੀ ਅਤੇ ਸਿੱਖਸ ਆਫ਼ ਯੂਐੱਸਏ ਮੈਰੀਲੈਂਡ ਸਟੇਟ ਦੀ ਅਜ਼ਾਦੀ ਪਰੇਡ ਸਾਂਝੇ ਤੌਰ 'ਤੇ ਕੱਢਣਗੇ

ਮੈਰੀਲੈਂਡ
ਸੁਰਿੰਦਰ ਗਿੱਲ






ਅਮਰੀਕਾ ਦੀ ਅਜ਼ਾਦੀ ਦਿਵਸ ਦੀ ਸਟੇਟ ਆਫ਼ ਮੈਰੀਲੈਂਡ ਪਰੇਡ ਡੰਡੋਕ ਵਿੱਚ ਕੱਢੀ ਜਾਵੇਗੀ। ਜੋ ਦੋ ਸੰਸਥਾਵਾਂ ਸਾਂਝੇ ਤੋਰ ਤੇ ਕੱਢ ਰਹੀਆਂ ਹਨ। ਦੋਵਾ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਇਕ ਅਹਿਮ ਮੀਟਿੰਗ ਆਨਿਸਟ ਰੈਸੋਟੋਰੈਟ ਵਿਚ ਕੀਤੀ ਗਈ ਹੈ। ਮੀਟਿੰਗ ਦੀ ਸ਼ੁਰੂਆਤ ਪ੍ਰਧਾਨ ਅਮਰਜੀਤ ਸਿੰਘ ਦੀ ਆਗਿਆ ਨਾਲ ਸ਼ੁਰੂ ਕੀਤੀ ਗਈ।ਮੀਟਿੰਗ ਵਿੱਚ ਵਿਸਥਾਰ ਪੂਰਵਕ ਡਾਕਟਰ ਸੁਰਿੰਦਰ ਸਿੰਘ ਨੇ ਪ੍ਰੇਡ ਦੀ ਰੂਪਰੇਖਾ ਦੱਸੀ। ਉਹਨਾਂ ਕਿਹਾ ਇਸ ਵਾਰ ਸਿੱਖ ਕੁਮਿਨਟੀ ਵੱਲੋਂ ਫਲੋਟ ਤਿਆਰ ਕੀਤਾ ਗਿਆ ਹੈ। ਜਿਸ ਵਿੱਚ ਗੋਲਡਨ ਟੈਪਲ, ਮਾਰਸ਼ਲ ਆਰਟ, ਸਟੈਚੂ ਆਫ ਲਿਬਰਟੀ ਤੇ ਗੁਰਦੁਆਰਾ ਕੇਸਗੜ ਦੇ ਦ੍ਰਿਸ਼ ਪੇਸ਼ ਕੀਤੇ ਗਏ ਹਨ। ਇਹ ਫਲੋਟ ਸਿੱਖਾਂ ਦੀ ਪਹਿਚਾਣ ਨੂੰ ਅਮਰੀਕਨ ਕਮਿਊਨਿਟੀ ਵਿਚ ਦਰਸਾਏਗਾ। ਜੋ ਸ਼ਾਂਤੀ ,ਸਤਿਕਾਰ ਤੇ ਏਕੇ ਦਾ ਸੰਦੇਸ਼ ਦੇਵੇਗਾ। ਇਸ ਵਿੱਚ ਪੰਜ ਗੱਡੀਆਂ ਅਮਰੀਕਨ ਝੰਡਿਆਂ, ਝੰਡੀਆਂ ਤੇ ਤਸਵੀਰਾਂ ਨਾਲ ਸਜਾਈਆ ਜਾਣਗੀਆਂ। ਗੱਤਕੇ ਦੇ ਜੋਹਰ ਸਿੱਖ ਬੱਚੇ ਪੇਸ਼ ਕਰਨਗੇ। ਸਾਰੇ ਹਾਜ਼ਰੀਨ ਅਮਰੀਕਾ ਦੇ ਝੰਡੇ ਦੇ ਰੰਗ ਦੀਆਂ ਦਸਤਾਰਾਂ ਸਜਾਉਣਗੇ। ਬੀਬੀਆਂ ਚੁੰਨੀਆਂ ਤੇ ਸਕਾਰਫ ਅਮਰੀਕਾ ਦੇ ਝੰਡੇ ਨਾਲ ਦੀ ਪਹਿਨਣਗੀਆਂ। ਪਰੇਡ ਦੇ ਮਾਰਸ਼ਲ ਅਨੁਸ਼ਾਸਨ ਦੀ ਵਾਗਡੋਰ ਸੰਭਾਲਣਗੇ। ਸਮੁੱਚੀ ਪ੍ਰੇਡ ਦੇ ਰਿਫਰੈਸ਼ਮੈਂਟ ਦਾ ਪ੍ਰਬੰਧ ਕੇਵਲ ਸਿੰਘ ਤੇ ਜੱਸਾ ਸਿੰਘ ਨੇ ਜਿਮੇਵਾਰੀ ਲਈ ਹੈ। ਫਲੋਟ ਦਾ ਖ਼ਰਚਾ ਦਲਜੀਤ ਸਿੰਘ ਪ੍ਰਧਾਨ ਸਿਖਸ ਆਫ ਯੂ ਐਸ ਏ ਅਤੇ ਗਤਕੇ ਦੀ ਜਿਮੇਵਾਰੀ ਹਰਬੰਸ ਸਿੰਘ ਖਾਲਸਾ ਤੇ ਮਨਿੰਦਰ ਸਿੰਘ ਖਾਲਸਾ ਨੇ ਲਈ ਹੈ। ਸਮੁੱਚੀ ਮੀਟਿੰਗ ਬਹੁਤ ਹੀ ਵਧੀਆ ਮਾਹੌਲ ਵਿੱਚ ਹੋਈ ਹੈ ਜਿਸ ਵਿੱਚ ਇੱਕ ਸੋ ਤੋ ਉੱਪਰ ਪ੍ਰੀਵਾਰਾਂ ਨੇ ਹਿੱਸਾ ਲੈਣ ਦਾ ਆਸਵਾਸ਼ਨ ਦਿਤਾ ਹੈ। ਇਸ ਪ੍ਰੇਡ ਨੂ ਵਰਜੀਨੀਆ ਤੋ ਮਹਿਤਾਬ ਸਿੰਘ ਕਾਹਲੋ ਕੁਆਰਡੀਨੇਟਰ ਸਿਖਸ ਆਫ ਯੂ ਐਸ ਏ ਨੇ ਹਮਾਇਤ ਹਾਜ਼ਰ ਹੋ ਕੇ ਕੀਤੀ ਹੈ। ਇਸ ਪ੍ਰੇਡ ਦੀ ਕਵਰੇਜ ਕਰਨ ਵਾਸਤੇ ਹਰਜੀਤ ਸਿੰਘ ਹੁੰਦਲ ਸੀਸੀਓ ਸਬਰੰਗ, ਪੰਜਾਬ ਟਾਈਮ ਤੋਂ ਸਰਬਜੀਤ ਸਿੰਘ ਗਿੱਲ ਤੇ ਡਾਕਟਰ ਗਿੱਲ ਗਗਨ ਦਮਦਮਾ ਤੋਂ ਕਰਨਗੇ। ਅਖੀਰ ਵਿੱਚ ਸਾਰਿਆਂ ਦਾ ਧੰਨਵਾਦ ਕੇਵਲ ਸਿੰਘ ਸਕੱਤਰ ਨੇ ਕੀਤਾ ਹੈ। ਓਹਨਾ ਕਿਹਾ ਇਹ ਪਰੇਡ ਮੈਰੀਲੈਂਡ ਵਿੱਚ ਸਿੱਖ ਕਮਿਊਨਿਟੀ ਲਈ ਇਤਿਹਾਸਕ ਹੋਵੇਗੀ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਭਰਤੀ ਲਈ 26 ਜੂਨ ਨੂੰ ਲੱਗੇਗਾ ਪਲੇਸਮੈਂਟ ਕੈਂਪ

ਮਾਨਸਾ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਮਾਨਸਾ ਵਿਖੇ 26 ਜੂਨ 2024 ਦਿਨ ਬੁੱਧਵਾਰ ਨੂੰ 'ਅੰਨਪੂਰਣਾ ਫਾਈਨਾਂਸੀਅਲ ਪ੍ਰਾਈਵੇਟ ਲਿਮਟਡ' ਵੱਲੋਂ ਫੀਲਡ ਕਰੈਡਿਟ ਅਫ਼ਸਰ, ਡਿਵੈਲਪਮੈਂਟ ਅਫ਼ਸਰ (ਫੀਲਡ), ਅਸਿਸਟੈਂਟ ਬਰਾਂਚ ਮੈਨੇਜਰ (ਫੀਲਡ) ਅਤੇ ਬਰਾਂਚ ਮੈਨੇਜ਼ਰ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਘੱਟੋ ਘੱਟ ਯੋਗਤਾ 12ਵੀਂ ਪਾਸ ਲੜਕੇ ਅਤੇ ਲੜਕੀਆਂ ਭਾਗ ਲੈ ਸਕਦੇ ਹਨ, ਜਿਨ੍ਹਾਂ ਦੀ ਉਮਰ ਸੀਮਾ 18 ਤੋਂ 28 ਸਾਲ ਤੱਕ ਹੋਣੀ ਚਾਹੀਦੀ ਹੈ ਅਤੇ ਪ੍ਰਾਰਥੀ ਸਰੀਰਕ ਤੌਰ 'ਤੇ ਫਿੱਟ ਹੋਣੇ ਚਾਹੀਦੇ ਹਨ। ਭਾਗ ਲੈਣ ਵਾਲੇ ਪ੍ਰਾਰਥੀਆਂ ਕੋਲ ਆਪਣਾ ਦੋ ਪਹੀਆ ਵਾਹਨ ਅਤੇ ਡਰਾਈਵਿੰਗ ਲਾਇਸੰਸ ਹੋਣਾ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਕੈਂਪ ਵਿਚ ਭਾਗ ਲੈਣ ਦੇ ਚਾਹਵਾਨ ਪ੍ਰਾਰਥੀ ਆਪਣੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ, ਡਰਾਇਵਿੰਗ ਲਾਇਸੰਸ ਅਤੇ ਰਜ਼ਿਊਮ ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਪਹਿਲੀ ਮੰਜ਼ਿਲ 'ਤੇ) ਕੈਂਪ ਵਾਲੇ ਦਿਨ ਸਵੇਰੇ 10:30 ਵਜੇ ਪਹੁੰਚ ਸਕਦੇ ਹਨ।ਉਨ੍ਹਾਂ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ ਤਨਖਾਹ 12,500/- ਤੋਂ 25,000/- ਅਤੇ ਕਰੀਬ 5000 ਰੁਪਏ ਪੈਟਰੋਲ+ਪ੍ਰੋਤਸਾਹਨ ਦੇ ਰੂਪ ਵਿਚ ਮਿਲਣਯੋਗ ਹੋਵੇਗਾ। ਅਸਾਮੀਆਂ ਦੀ ਗਿਣਤੀ 40 ਹੈ। ਇੰਟਰਵਿਊ ਦਾ ਸਮਾਂ ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 01:00 ਵਜੇ ਤੱਕ ਰੱਖਿਆ ਗਿਆ ਹੈ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 91242-03366 94641-78030 'ਤੇ ਸੰਪਰਕ ਕੀਤਾ ਜਾ ਸਕਦਾ ਹੈ।

**Matrimonial**

Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.
Contact– +1(510) 200–1772

ਕੰਨਿਆ ਦੀ ਲੋੜ
ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।
ਸੰਪਰਕ– +1(510) 200–1772

Gillson
TRUCKING INC

NOW Hiring
Truck Drivers
Class A CDL



- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

Pay:

- Between $80,000.00 - $120,000.00 per year
- Average pay: $0.50- $0.60 cents/mile
- Weekly direct deposits
- Bonuses for clean inspections
- High mileage bonuses

Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

Flexible Home Time
Pet Friendly
Rider Policy

Health Benefits:

Health
Dental
Vision



Where to Apply

It's on our website the link under apply now. Please copy it here and then we would to have all.

Apply Here:

https://intelliapp.driverapponline.com/c/gillson?uri_b=ia_gillson_2058382794

Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

Get in Touch:

gillsontrucking
gillsontrucking
company/gillsontrucking
www.teamgillson.com

# ਅਦਾਲਤ ਨੇ ਨੈਨਸੀ ਪੇਲੋਸੀ ਦੇ ਪਤੀ ’ਤੇ ਹਥੌੜੇ ਨਾਲ ਵਾਰ ਕਰਨ ਵਾਲੇ ਨੂੰ ਮੰਨਿਆ ਦੋਸ਼ੀ

**ਸਨ ਫਰਾਂਸਿਸਕੋ ਸਾਂਝੀ ਸੋਚ ਬਿਊਰੋ**



ਅਮਰੀਕਾ ਦੀ ਇਕ ਅਦਾਲਤ ਨੇ ਪ੍ਰਤੀਨਿਧੀ ਸਭਾ ਦੀ ਸਾਬਕਾ ਪ੍ਰਧਾਨ ਨੈਨਸੀ ਪੇਲੋਸੀ ਦੇ ਪਤੀ ‘ਤੇ ਹਥੌੜੇ ਨਾਲ ਹਮਲਾ ਕਰਨ ਦੇ ਦੋਸ਼ੀ ਡੇਵਿਡ ਡੇਪੇਪ ਨੂੰ ਸ਼ੁੱਕਰਵਾਰ ਨੂੰ ਅਗਵਾ ਦੇ ਇਕ ਮਾਮਲੇ ‘ਚ ਵੀ ਦੋਸ਼ੀ ਕਰਾਰ ਦਿੱਤਾ। ਅਗਵਾ ਦੇ ਮਾਮਲੇ ‘ਚ ਅਦਾਲਤ ਦੋਸ਼ੀ ਵਿਅਕਤੀ ਨੂੰ ਉਮਰ ਕੈਦ ਦੀ ਸਜ਼ਾ ਸੁਣਾ ਸਕਦੀ ਹੈ। ਸਾਨ ਫਰਾਂਸਿਸਕੋ ਦੀ ਇਕ ਜੂਰੀ ਨੇ ਡੇਪੇਪ ਨੂੰ ਚੋਰੀ, ਇਕ ਬਜ਼ੁਰਗ ਨੂੰ ਬੰਧਕ ਬਣਾਉਣ, ਸਰਕਾਰੀ ਅਧਿਕਾਰੀ ਦੇ ਪਰਿਵਾਰਕ ਮੈਂਬਰ ਨੂੰ ਧਮਕਾਉਣ ਅਤੇ ਗਵਾਹ ਨੂੰ ਗੁੰਮਰਾਹ ਕਰਨ ਦਾ ਵੀ ਦੋਸ਼ੀ ਪਾਇਆ। ਸਾਲ 2022 ‘ਚ ਨੈਨਸੀ ਪੇਲੋਸੀ ਦੇ ਪਤੀ ਪਾਲ ਪੇਲੋਸੀ ‘ਤੇ ਹਮਲਾ ਕਰਨ ਦੇ ਮਾਮਲੇ ‘ਚ ਇਕ ਜੱਜ ਵਲੋਂ ਡੇਪੇਪ ਨੂੰ ਪਿਛਲੇ ਮਹੀਨੇ ਸਜ਼ਾ ਸੁਣਾਏ ਜਾਣ ਤੋਂ ਬਾਅਦ ਉਸ ਨੂੰ ਹੋਰ ਦੋਸ਼ਾਂ ਲਈ ਦੋਸ਼ੀ ਕਰਾਰ ਦਿੱਤਾ ਹੈ ਅਤੇ ਇਸ ਲਈ ਪੈਰੋਲ ਦੀ ਛੋਟ ਦੇ ਬਿਨਾਂ ਉਮਰ ਕੈਦ ਦੀ ਸਜ਼ਾ ਸੁਣਾਈ ਜਾ ਸਕਦੀ ਹੈ।ਪਾਲ ਪੇਲੋਸੀ ‘ਤੇ ਹਮਲਾ ਕਰਨ ਦੇ ਮਾਮਲੇ ‘ਚ ਅਦਾਲਤ ਨੇ ਡੇਪੇਪ ਨੂੰ 30 ਸਾਲ ਜੇਲ੍ਹ ਦੀ ਸਜ਼ਾ ਸੁਣਾਈ ਸੀ। ਡੇਪੇਪੇ ਦੇ ਸਰਕਾਰੀ ਵਕੀਲ ਏਡਮ ਲਿਪਸਨ ਨੇ ਕਿਹਾ ਕਿ ਉਹ ਇਸ ਫ਼ੈਸਲੇ ਖ਼ਿਲਾਫ਼ ਅਪੀਲ ਕਰਨ ਦੀ ਤਿਆਰੀ ਕਰ ਰਹੇ ਹਨ। ਪੇਲੋਸੀ ਦੇ ਦਫ਼ਤਰ ਨੇ ਸ਼ੁੱਕਰਵਾਰ ਨੂੰ ਇਕ ਈਮੇਲ ਰਾਹੀਂ ਜਾਰੀ ਕੀਤੇ ਬਿਆਨ ‘ਚ ਕਿਹਾ, ”ਨੈਨਸੀ ਪੇਲੋਸੀ ਅਤੇ ਉਨ੍ਹਾਂ ਦਾ ਪਰਿਵਾਰ ਪਾਲ ਪੇਲੋਸੀ ਦੇ ਇਕ ਮੁਕੱਦਮੇ ‘ਚ ਮੁੜ ਤੋਂ ਗਵਾਹੀ ਦੇਣ ਦੇ ਬਹਾਦਰੀ ਪੂਰਨ ਕਦਮ ਤੋਂ ਹੈਰਾਨ ਹੈ। ਪਾਲ ਨੇ ਹਮਲੇ ਦੀ ਰਾਤ ਆਪਣੀ ਜਾਨ ਬਚਾਉਣ ਲਈ ਵੀ ਇਸੇ ਤਰ੍ਹਾਂ ਦੀ ਬਹਾਦਰੀ ਦਿਖਾਈ ਸੀ।”

# ਪਤਨੀ ਅਤੇ ਦੋ ਬੱਚਿਆਂ ਦੇ ਕਤਲ ਦਾ ਦੋਸ਼ੀ ਡਾਕਟਰ ਧਰਮੇਸ਼ ਪਟੇਲ ਜਲਦ ਹੀ ਹੋਵੇਗਾ ਜੇਲ੍ਹ ਤੋਂ ਰਿਹਾਅ

**ਕੈਲੀਫੋਰਨੀਆ ਸਾਂਝੀ ਸੋਚ ਬਿਊਰੋ**



ਕੈਲੀਫੋਰਨੀਆ ਦੇ ਇਕ ਗੁਜਰਾਤੀ ਡਾਕਟਰ ਡਾ: ਧਰਮੇਸ਼ ਪਟੇਲ ਜਨਵਰੀ 2023 ਤੋਂ ਜੇਲ ‘ਚ ਹੈ। ਉਹ ਆਪਣੀ ਪਤਨੀ ਅਤੇ ਦੋ ਬੱਚਿਆਂ ਦੀ ਹੱਤਿਆ ਦੇ ਦੋਸ਼ਾਂ ਦਾ ਉਹ ਸਾਹਮਣਾ ਕਰ ਰਿਹਾ ਹੈ ਅਤੇ ਉਹ ਹੁਣ ਜੇਲ੍ਹ ਤੋਂ ਬਾਹਰ ਆਉਣਗੇ। ਜੇਲ ‘ਚ ਬੰਦ ਡਾ: ਧਰਮੇਸ਼ ਪਟੇਲ ਵਲੋਂ ਆਪਣੀ ਟੇਸਲਾ ਕਾਰ ਵਿਚ ਆਪਣੇ ਪਰਿਵਾਰ ਨਾਲ ਜਦੋਂ ਸਫ਼ਰ ਕਰ ਰਿਹਾ ਸੀ, ਉਸ ਨੇ ਸਾਰੇ ਸਵਾਰਾਂ ਨੂੰ ਮਾਰਨ ਦੇ ਇਰਾਦੇ ਨਾਲ ਕਾਰ ਨੂੰ ਇੱਕ ਪਹਾੜੀ ਸੜਕ ਤੋਂ 330 ਫੁੱਟ ਹੇਠਾਂ ਸੁੱਟ ਦਿੱਤੀ ਸੀ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਧਰਮੇਸ਼ ਪਟੇਲ ਦੀ ਕਾਰ ਦੇ ਅਗਲੇ ਹਿੱਸੇ ਦੇ ਪਰਖੱਚੇ ਉੱਡ ਗਏ ਸੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਹੈਲੀਕਾਪਟਰ ਰਾਹੀਂ ਬਚਾ ਲਿਆ ਗਿਆ ਸੀ। ਹਾਲਾਂਕਿ ਖੁਸ਼ਕਿਸਮਤੀ ਨਾਲ ਧਰਮੇਸ਼ ਪਟੇਲ ਦੀ ਬੇਟੀ ਅਤੇ ਪਤਨੀ ਨੂੰ ਛੱਡ ਕੇ ਕੋਈ ਵੀ ਗੰਭੀਰ ਜ਼ਖਮੀ ਨਹੀਂ ਹੋਇਆ ਸੀ ਪਰ ਫਿਰ ਡਾ: ਧਰਮੇਸ਼ ਪਟੇਲ ਦੀ ਪਤਨੀ ਨੇਹਾ ਪਟੇਲ ਨੇ ਦਾਅਵਾ ਕੀਤਾ ਕਿ ਉਸ ਦਾ ਪਤੀ ਮਾਨਸਿਕ ਤੌਰ ‘ਤੇ ਅਸਥਿਰ ਸੀ ਅਤੇ ਉਸ ਨੇ ਜਾਣਬੁੱਝ ਕੇ ਇਹ ਹਾਦਸਾ ਕੀਤਾ ਹੈ।

ਡਾ: ਧਰਮੇਸ਼ ਪਟੇਲ ਨੇ ਆਪਣੇ ਆਪ ਨੂੰ ਮਾਨਸਿਕ ਰੋਗ ਦੇ ਇਲਾਜ ਲਈ ਫਿੱਟ ਸਮਝਦੇ ਹੋਏ ਅਦਾਲਤ ਨੂੰ ਆਪਣੇ ‘ਤੇ ਲੱਗੇ ਦੋਸ਼ਾਂ ਨੂੰ ਰੱਦ ਕਰਨ ਦੀ ਅਦਾਲਤ ਨੂੰ ਅਪੀਲ ਕੀਤੀ ਸੀ। ਧਰਮੇਸ਼ ਪਟੇਲ ਦੀ ਪਤਨੀ ਨੇਹਾ ਨੇ ਵੀ ਅਦਾਲਤ ਨੂੰ ਦੱਸਿਆ ਕਿ ਉਹ ਚਾਹੁੰਦੀ ਹੈ ਕਿ ਧਰਮੇਸ਼ ਪਟੇਲ ਜਲਦੀ ਘਰ ਆਵੇ ਕਿਉਂਕਿ ਉਸ ਤੋਂ ਬਿਨਾਂ ਉਸ ਦਾ ਪਰਿਵਾਰ ਅਧੂਰਾ ਹੈ। ਕੈਲੀਫੋਰਨੀਆ ਦੀ ਇੱਕ ਸੈਨ ਮਾਟੇਓ ਅਦਾਲਤ ਨੇ 20 ਜੂਨ ਨੂੰ ਧਰਮੇਸ਼ ਪਟੇਲ ਨੂੰ ਮਾਨਸਿਕ ਸਿਹਤ ਡਾਇਵਰਸ਼ਨ ਪ੍ਰੋਗਰਾਮ ਲਈ ਫਿੱਟ ਪਾਇਆ, ਜਿਸ ਤੋਂ ਬਾਅਦ ਧਰਮੇਸ਼ ਪਟੇਲ ਨੂੰ ਅਗਲੇ ਕੁਝ ਦਿਨਾਂ ਵਿਚ ਜੇਲ੍ਹ ਤੋਂ ਰਿਹਾਅ ਕੀਤਾ ਜਾ ਸਕਦਾ ਹੈ। ਹਾਲਾਂਕਿ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਵੀ ਧਰਮੇਸ਼ ਪਟੇਲ ਆਪਣੀ ਪਤਨੀ ਅਤੇ ਦੋ ਬੱਚਿਆਂ ਨੂੰ ਨਹੀਂ ਮਿਲ ਸਕਦਾ, ਅਤੇ ਨਾ ਹੀ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਦੋ ਸਾਲਾਂ ਦੇ ਇਲਾਜ ਦੌਰਾਨ, ਧਰਮੇਸ਼ ਪਟੇਲ ਆਪਣੇ ਮਾਤਾ-ਪਿਤਾ ਕੋਲ ਰਹੇਗਾ ਅਤੇ ਸਟੈਨਫੋਰਡ ਯੂਨੀਵਰਸਿਟੀ ਦੀ ਫੋਰੈਂਸਿਕ ਮਨੋਵਿਗਿਆਨ ਫੈਲੋਸ਼ਿਪ ਦੇ ਮੁਖੀ ਦੁਆਰਾ ਉਸ ਦੇ ਇਲਾਜ ਦੀ ਨਿਗਰਾਨੀ ਕੀਤੀ ਜਾਵੇਗੀ। ਇਲਾਜ ਪੂਰਾ ਹੋਣ ਤੋਂ ਬਾਅਦ ਧਰਮੇਸ਼ ਪਟੇਲ ਦੀ ਜਾਂਚ ਕੀਤੀ ਜਾਵੇਗੀ ਕਿ ਉਸ ਨੂੰ ਕੋਈ ਮਾਨਸਿਕ ਸਮੱਸਿਆ ਹੈ ਜਾਂ ਨਹੀਂ ਅਤੇ ਫਿਰ ਉਸ ‘ਤੇ ਲੱਗੇ ਦੋਸ਼ ਹਟਾ ਦਿੱਤੇ ਜਾਣਗੇ। ਧਰਮੇਸ਼ ਪਟੇਲ ਵਰਤਮਾਨ ਵਿਚ ਕਤਲ ਦੀ ਕੋਸ਼ਿਸ਼ ਦੇ ਤਿੰਨ ਮਾਮਲਿਆਂ ਦਾ ਸਾਹਮਣਾ ਕਰ ਰਿਹਾ ਹੈ, ਜਿਸ ਵਿਚ ਬਹੁਤ ਲੰਬੀ ਕੈਦ ਦੀ ਸਜ਼ਾ ਹੋ ਸਕਦੀ ਹੈ, ਪਰ ਮਾਨਸਿਕ ਸਿਹਤ ਡਾਇਵਰਸ਼ਨ ਪ੍ਰੋਗਰਾਮ ਦੇ ਕਾਰਨ ਉਸਨੂੰ ਸਜ਼ਾ ਨਹੀਂ ਕੱਟਣੀ ਪੈ ਸਕਦੀ ਹੈ। ਧਰਮੇਸ਼ ਪਟੇਲ ਪੇਸ਼ੇ ਤੋਂ ਇੱਕ ਰੇਡੀਓਲੋਜਿਸਟ ਹੈ, ਪਰ ਉਹ ਉਦੋਂ ਤੱਕ ਖੁਦ ਅਭਿਆਸ ਨਹੀਂ ਕਰ ਸਕਦਾ, ਜਦੋਂ ਤੱਕ ਉਸਦਾ ਆਪਣਾ ਇਲਾਜ ਪੂਰਾ ਨਹੀਂ ਹੋ ਜਾਂਦਾ।

# ਅਮਰੀਕਾ ਨੇ ਰੂਸੀ ਡਿਪਲੋਮੈਟਾਂ ਤੋਂ ਟੈਕਸ ਛੋਟ ਦੇ ਵਿਸ਼ੇਸ਼ ਅਧਿਕਾਰ ਖੋਹੇ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕਾ ਨੇ ਰੂਸੀ ਡਿਪਲੋਮੈਟਾਂ ਤੋਂ ਉਨ੍ਹਾਂ ਦੇ ਟੈਕਸ ਛੋਟ ਵਿਸ਼ੇਸ਼ ਅਧਿਕਾਰ ਖੋਹ ਲਏ ਹਨ। ਅਮਰੀਕਾ ‘ਚ ਰੂਸ ਦੇ ਰਾਜਦੂਤ ਅਨਾਤੋਲੀ ਐਂਟੋਨੋਵ ਨੇ ਪੱਤਰਕਾਰਾਂ ਨੂੰ ਇਹ ਜਾਣਕਾਰੀ ਦਿੱਤੀ ਹੈ। ਇਹ ਟੈਕਸ ਛੋਟ ਵਿਸ਼ੇਸ਼ ਅਧਿਕਾਰ ਕਾਰਡ ਵਿਦੇਸ਼ੀ ਡਿਪਲੋਮੈਟਾਂ ਨੂੰ ਅਮਰੀਕਾ ‘ਚ ਦੁਕਾਨਾਂ, ਰੈਸਟੋਰੈਂਟ ਅਤੇ ਹੋਰ ਇਸ ਤਰ੍ਹਾਂ ਦੇ ਕਾਰੋਬਾਰਾਂ ‘ਚ ਕਿਸੇ ਵੀ ਵਸਤੂ ਨੂੰ ਖਰੀਦਣ ਤੋਂ ਬਾਅਦ ਉਸ ਦਾ ਭੁਗਤਾਨ ਕਰਦੇ ਸਮੇਂ ਉਨ੍ਹਾਂ ਨੂੰ ਵਿਕਰੀ ਟੈਕਸ ਭੁਗਤਾਨ ਨਹੀਂ ਕਰਨ ਦੀ ਮਨਜ਼ੂਰੀ ਦਿੰਦਾ ਹੈ।

ਐਂਟੋਨੋਵ ਨੇ ਕਿਹਾ, ”ਅਮਰੀਕਾ ਨੇ ਦੂਜੇ ਵਿਸ਼ੇਸ਼ ਯੁੱਧ ਦੀ ਬਰਸੀ ਸਮਾਰੋਹ ਤੋਂ ਬਾਅਦ ਕਿਹਾ, ”ਇਹ ਕਾਰਡ ਕਿਸੇ ਵੀ ਦੇਸ਼ ਦੇ ਡਿਪੋਲਮੈਟ ਨੂੰ ਵਿਸ਼ੇਸ਼ ਅਧਿਕਾਰ ਪ੍ਰਦਾਨ ਕਰਦੇ ਹਨ, ਜਿਸ ਨਾਲ ਉਨ੍ਹਾਂ ਨੂੰ ਰਹਿਣ ਅਤੇ ਸਾਮਾਨ ਖਰੀਦਣ ‘ਤੇ ਵਿਕਰੀ ਟੈਕਸ ਨਹੀਂ ਚੁਕਾਉਣ ਦੀ ਮਨਜ਼ੂਰੀ ਮਿਲਦੀ ਹੈ। ਸਾਡੇ ‘ਚੋਂ ਕੋਈ ਵੀ ਅਜਿਹਾ ਨਹੀਂ ਕਰਨ ਜਾ ਰਿਹਾ ਹੈ। ਸਾਡੀ ਖ਼ੁਦ ਦੀ ਸਰਕਾਰ ਹੈ, ਜਿਸ ਨੂੰ ਟੈਕਸ ਭੁਗਤਾਨ ਕਰਦੇ ਹਾਂ ਅਤੇ ਅਸੀਂ ਆਪਣੇ ਟੈਕਸਾਂ ਦਾ ਭੁਗਤਾਨ ਕਰਾਂਗੇ।”

# ਸਰਵਉੱਚ ਅਦਾਲਤ ਵੱਲੋਂ ਵਾਧੂ ਅੰਕ ਦੇਣ ਦੀ ਨੀਤੀ ਰੱਦ ਕਰਨ ਖ਼ਿਲਾਫ਼ ਹਰਿਆਣਾ ਸਰਕਾਰ ਦੀ ਪਟੀਸ਼ਨ ਖਾਰਜ



**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਸੁਪਰੀਮ ਕੋਰਟ ਨੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਹੁਕਮ ਨੂੰ ਬਰਕਰਾਰ ਰੱਖਿਆ, ਜਿਸ ‘ਚ ਭਰਤੀ ਪ੍ਰੀਖਿਆਵਾਂ ਵਿਚ ਹਰਿਆਣਾ ਦੇ ਵਸਨੀਕਾਂ ਨੂੰ ਵਾਧੂ ਅੰਕ ਦੇਣ ਦੀ ਸੂਬਾ ਸਰਕਾਰ ਦੀ ਨੀਤੀ ਨੂੰ ਰੱਦ ਕਰ ਦਿੱਤਾ ਸੀ। ਜਸਟਿਸ ਅਭੈ ਐੱਸ. ਓਕਾ ਅਤੇ ਜਸਟਿਸ ਰਾਜੇਸ਼ ਬਿੰਦਲ ਦੇ ਛੁੱਟੀ ਵਾਲੇ ਬੈਂਚ ਨੇ ਹਰਿਆਣਾ ਸਰਕਾਰ ਦੀ ਨੀਤੀ ਨੂੰ ਲੋਕਲੁਭਾਊ ਕਰਾਰ ਦਿੰਦੇ ਹੋਏ ਹਾਈ ਕੋਰਟ ਦੇ ਹੁਕਮਾਂ ਵਿਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ। ਹਾਈ ਕੋਰਟ ਨੇ ਹਰਿਆਣਾ ਸਰਕਾਰ ਵੱਲੋਂ ਰਾਜ ਸਰਕਾਰ ਦੀਆਂ ਨੌਕਰੀਆਂ ਵਿਚ ਕੁਝ ਸ਼੍ਰੇਣੀਆਂ ਦੇ ਉਮੀਦਵਾਰਾਂ ਨੂੰ ਵਾਧੂ ਅੰਕ ਦੇਣ ਲਈ ਨਿਰਧਾਰਤ ਸਮਾਜਿਕ-ਆਰਥਿਕ ਮਾਪਦੰਡਾਂ ਨੂੰ ਅਸੰਵਿਧਾਨਕ ਕਰਾਰ ਦਿੱਤਾ ਸੀ। ਸਰਵਉੱਚ ਅਦਾਲਤ ਨੇ ਅੱਜ ਪਟੀਸ਼ਨ ਖਾਰਜ ਕਰ ਦਿੱਤੀ।





# GINNY BEDI LAW PC



**Ginny Bedi Attorney**

- Immigration
- Divorce
- Custody and Support issues
- Business Disputes
- Living Trusts
- Criminal Matters
- Misdemeanors
- DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SAI JEWELERS
Making Every Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
SJ
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


SAN MARCO TEEYAN BAY POINT
PROUDLY PRESENTS (NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
PHOTO & VIDEOGRAPHY BY
PAL FILMS
REFFEL DRAWING FOR GOLD ITEM
AND MORE PRIZES
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# ਅੰਮ੍ਰਿਤਪਾਲ ਅੱਜ ਸੰਸਦ ਮੈਂਬਰ ਵਜੋਂ ਸਹੁੰ ਨਹੀਂ ਚੁੱਕ ਸਕੇਗਾ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਸਿੱਖ ਕੱਟੜਪੰਥੀ ਪ੍ਰਚਾਰਕ ਅਤੇ ਸ਼ਅ ਨਜ਼ਰਬੰਦ ਅੰਮ੍ਰਿਤਪਾਲ ਸਿੰਘ ਮੰਗਲਵਾਰ ਨੂੰ ਸੰਸਦ ਦੇ ਮੈਂਬਰ ਵਜੋਂ ਸਹੁੰ ਨਹੀਂ ਚੁੱਕਣ ਦੇ ਯੋਗ ਹੋ ਸਕਦਾ ਹੈ ਕਿਉਂਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੀ ਅਸਥਾਈ ਰਿਹਾਈ ਬਾਰੇ ਅਜੇ ਫੈਸਲਾ ਕਰਨਾ ਹੈ। ਡਿਬਰੂਗੜ੍ਹ ਜੇਲ੍ਹ ਜਿੱਥੇ ਉਹ ਪਿਛਲੇ ਸਾਲ 23 ਅਪ੍ਰੈਲ ਤੋਂ ਸਖ਼ਤ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਨਜ਼ਰਬੰਦ ਹੈ। 'ਵਾਰਿਸ ਪੰਜਾਬ ਦੀ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਨੇ ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਖਡੂਰ ਸਾਹਿਬ ਸੀਟ ਤੋਂ ਆਜ਼ਾਦ ਉਮੀਦਵਾਰ ਵਜੋਂ ਆਪਣੇ ਨੇੜਲੇ ਵਿਰੋਧੀ ਕਾਂਗਰਸੀ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ ਨੂੰ 1,97,120 ਵੋਟਾਂ ਦੇ ਫਰਕ ਨਾਲ ਹਰਾ ਕੇ ਜਿੱਤ ਹਾਸਲ ਕੀਤੀ। 25 ਜੂਨ ਨੂੰ ਸੰਸਦ ਵਿੱਚ ਸਹੁੰ ਚੁੱਕਣ ਵਾਲੇ ਪੰਜਾਬ ਦੇ ਨਵੇਂ ਚੁਣੇ ਗਏ ਲੋਕ ਸਭਾ ਮੈਂਬਰਾਂ ਦੀ ਸੂਚੀ ਵਿੱਚ ਸ਼ਾਮਲ ਹਨ। ਇੱਕ ਸੀਨੀਅਰ ਸਰਕਾਰੀ ਅਧਿਕਾਰੀ ਅਨੁਸਾਰ ਅੰਮ੍ਰਿਤਪਾਲ ਨੂੰ ਸਹੁੰ ਚੁੱਕਣ ਲਈ ਸੰਸਦ ਵਿੱਚ ਲਿਜਾਣ ਦੀ ਫਿਲਹਾਲ ਕੋਈ ਯੋਜਨਾ ਨਹੀਂ ਹੈ। ਰਾਜ ਨੇ ਇਹ ਫੈਸਲਾ ਰਾਸ਼ਟਰੀ ਸੁਰੱਖਿਆ ਏਜੰਸੀਆਂ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਲਿਆ ਹੈ। ਐਨਐਸਏ ਤਹਿਤ ਨਜ਼ਰਬੰਦ ਵਿਅਕਤੀ ਬਾਅਦ ਵਿਚ ਸਹੁੰ ਚੁੱਕ ਸਕਦਾ ਹੈ। ਲੋਕ ਸਭਾ ਚੋਣਾਂ ਦੇ ਨਤੀਜੇ ਐਲਾਨੇ ਜਾਣ ਤੋਂ ਇਕ ਦਿਨ ਪਹਿਲਾਂ 3 ਜੂਨ ਨੂੰ ਵਿਭਾਗ ਨੇ ਕਿਹਾ ਸੀ ਕਿ ਅੰਮ੍ਰਿਤਪਾਲ 23 ਅਪ੍ਰੈਲ 2025 ਤੱਕ ਐਨਐਸਏ ਦੀ ਹਿਰਾਸਤ 'ਚ ਰਹੇਗਾ। ਦਿੱਲੀ ਹਾਈਕੋਰਟ ਦੇ ਜੱਜ ਨੇ ਫੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਅੰਮ੍ਰਿਤਪਾਲ ਦੇ ਵਕੀਲ ਰਾਜਵਿੰਦਰ ਸਿੰਘ ਬੈਂਸ ਨੇ ਵੀ ਕਿਹਾ ਕਿ ਸਾਨੂੰ ਅਜੇ ਤੱਕ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ ਕਿ ਉਸ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਨਵੀਂ ਦਿੱਲੀ ਲਿਜਾਇਆ ਜਾ ਰਿਹਾ ਹੈ ਜਾਂ ਨਹੀਂ ਇਸ ਸਬੰਧੀ ਕੋਈ ਜਾਣਕਾਰੀ ਨਹੀਂ ਹੈ। 11 ਜੂਨ ਨੂੰ ਅੰਮ੍ਰਿਤਪਾਲ ਨੇ ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਲਈ ਆਰਜ਼ੀ ਰਿਹਾਈ ਦੀ ਮੰਗ ਕੀਤੀ ਸੀ। ਉਧਰ, ਡਿਬਰੂਗੜ੍ਹ ਜੇਲ੍ਹ ਸੁਪਰਡੈਂਟ ਰਾਹੀਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਘਣਸ਼ਿਆਮ ਥੋਰੀ ਨੂੰ ਅਗਲੀ ਕਾਰਵਾਈ ਲਈ ਸੌਂਪੀ



ਗਈ ਇਸ ਦਰਖਾਸਤ 'ਤੇ ਸਰਕਾਰ ਨੇ ਚੁੱਪ ਵੱਟੀ ਹੋਈ ਹੈ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖ਼ਸ਼ ਸਿੰਘ ਖ਼ਾਲਸਾ ਮੈਂਬਰ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ (ਐਸਐਸਐਫ) ਦੇ ਪ੍ਰਧਾਨ ਗੁਰਚਰਨ ਸਿੰਘ ਗਰੇਵਾਲ ਨੇ ਸੋਮਵਾਰ ਨੂੰ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕਰਕੇ ਸਿੱਖ ਕੈਦੀਆਂ ਅਤੇ ਡਿਬਰੂਗੜ੍ਹ ਦੇ ਐਨਐਸਏ ਨਜ਼ਰਬੰਦਾਂ ਅੰਮ੍ਰਿਤਪਾਲ ਸਿੰਘ ਸਮੇਤ ਜੇਲ੍ਹ ਵਿੱਚੋਂ ਰਿਹਾਅ ਕਰਵਾਉਣ ਲਈ ਉਨ੍ਹਾਂ ਦੇ ਦਖਲ ਦੀ ਮੰਗ ਕੀਤੀ। ਉਹਨਾਂ ਨੇ ਉਹਨਾਂ ਨੂੰ ਪੰਥਕ ਏਕਤਾ ਲਈ 'ਹੁਕਮਨਾਮਾ' (ਫ਼ਰਮਾਨ) ਜਾਰੀ ਕਰਨ ਦੀ ਵੀ ਅਪੀਲ ਕੀਤੀ।

# ਡਾ. ਜਗਜੀਤ ਸਿੰਘ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਦੰਦਾਂ ਦੇ ਵਿਭਾਗ ਦਾ ਚਾਰਜ ਸੰਭਾਲਿਆ

**ਬੰਗਾ ਸਾਂਝੀ ਸੋਚ ਬਿਊਰੋ**



ਦੰਦਾਂ ਦੀ ਬਿਮਾਰੀਆਂ ਅਤੇ ਅਪਰੇਸ਼ਨਾਂ ਦੇ ਮਾਹਿਰ ਡਾ. ਜਗਜੀਤ ਸਿੰਘ ਐਮ.ਡੀ. ਐੱਸ. ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇ ਰਾਂ ਦੇ ਦੰਦਾਂ ਦੇ ਵਿਭਾਗ ਵਿਚ ਚਾਰਜ ਸੰਭਾਲ ਕੇ ਮਰੀਜ਼ਾਂ ਦਾ ਇਲਾਜ ਕਰਨਾ ਆਰੰਭ ਕਰ ਦਿੱਤਾ ਹੈ। ਇਹ ਜਾਣਕਾਰੀ ਹਸਪਤਾਲ ਪ੍ਰਬੰਧਕ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਮੀਡੀਆ ਨੂੰ ਪ੍ਰਦਾਨ ਕੀਤੀ। ਢਾਹਾਂ ਨੇ ਦੱਸਿਆ ਕਿ ਡਾ. ਜਗਜੀਤ ਸਿੰਘ ਐਮ. ਡੀ. ਐਸ. ਨੇ ਦੰਦਾਂ ਦੀਆਂ ਬਿਮਾਰੀਆਂ ਅਤੇ ਅਪਰੇਸ਼ਨਾਂ ਵਿਚ ਮਾਸਟਰ ਡਿਗਰੀ ਪ੍ਰਾਪਤ ਕੀਤੀ ਹੋਈ ਹੈ ਅਤੇ ਉਹ ਨਵੇਂ ਦੰਦ ਲਗਾਉਣ, ਦੰਦਾਂ ਨੂੰ ਤਾਰਾਂ ਲਾ ਕੇ ਸਿਧੇ ਕਰਨਾ, ਹਰ ਤਰ੍ਹਾਂ ਦੀਆਂ ਦੰਦਾਂ ਦੀਆਂ ਬਿਮਾਰੀਆਂ ਤੋਂ ਇਲਾਵਾ ਮੈਕਸੀਲੋਫੇਸ਼ੀਅਲ ਸਰਜਰੀ (ਐਕਸੀਡੈਂਟਾਂ ਵਿਚ ਟੁੱਟੇ ਦੰਦਾਂ ਅਤੇ ਟੁੱਟੇ ਜਬਾੜੇ ਦਾ ਇਲਾਜ) ਅਤੇ ਦੰਦਾਂ ਦੇ ਇੰਪਲਾਂਟ ਦੇ ਮਾਹਿਰ ਡਾਕਟਰ ਹਨ। ਇਸ ਤੋਂ ਪਹਿਲਾਂ ਵੱਡੇ ਹਸਪਤਾਲਾਂ ਵਿਚ ਆਪਣੀਆਂ ਸ਼ਾਨਦਾਰ ਸੇਵਾਵਾਂ ਦੇ ਚੁੱਕੇ ਹਨ। ਢਾਹਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਸਥਾਪਿਤ ਦੰਦਾਂ ਦੇ ਵਿਭਾਗ ਵਿੱਚ ਆਧੁਨਿਕ ਡਿਜੀਟਲ ਕੰਪਿਊਟਰਾਈਜ਼ਡ ਐਕਸ ਰੇਅ ਨਾਲ ਲੈਸ ਡੈਂਟਲ ਚੇਅਰਾਂ ਹਨ, ਜਿਥੇ ਦੰਦਾਂ ਦੀਆਂ ਹਰ ਤਰ੍ਹਾਂ ਦੀਆਂ ਬਿਮਾਰੀਆਂ ਦੇ ਮਰੀਜ਼ਾਂ ਦਾ ਵਧੀਆ ਇਲਾਜ ਕੀਤਾ ਜਾਂਦਾ ਹੈ। ਉਹਨਾਂ ਦੱਸਿਆ ਕਿ ਲੋੜਵੰਦ ਮਰੀਜ਼ ਰੋਜ਼ਾਨਾ ਸਵੇਰੇ 9 ਤੋਂ 3 ਵਜੇ ਤੱਕ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਆਪਣੇ ਦੰਦਾਂ ਦਾ ਇਲਾਜ ਕਰਵਾ ਸਕਦੇ ਹਨ। ਇਸ ਮੌਕੇ ਅਮਰਜੀਤ ਸਿੰਘ ਕਲੇਰਾਂ ਸਕੱਤਰ, ਡਾ.ਰਵਿੰਦਰ ਖਜ਼ੂਰੀਆ ਮੈਡੀਕਲ ਸੁਪਰਡੈਂਟ, ਡਾ.ਜਗਜੀਤ ਸਿੰਘ ਐਮਡੀਐਸ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ ਵੀ ਹਾਜ਼ਰ ਸਨ।

# ਭਾਜਪਾ ਸਰਕਾਰ ਵੱਲੋਂ ਕਿਸਾਨੀ ਹਿੱਤ ਵਿੱਚ ਲਏ ਗਏ ਅਹਿਮ ਫੈਸਲੇ ਕਿਸਾਨਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਗੇ- ਗਰਚਾ

**ਲੁਧਿਆਣਾ ਸਾਂਝੀ ਸੋਚ ਬਿਊਰੋ**

ਕੇਂਦਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਐੱਨ. ਡੀ. ਏ. ਸਰਕਾਰ ਨੇ ਸੱਤਾ ਸੰਭਾਲਦਿਆਂ ਕਿਸਾਨੀ ਹਿੱਤ ਵਿੱਚ ਵੱਡੇ ਫੈਸਲੇ ਲੈਕੇ ਕਿਸਾਨ ਹਿਤੈਸ਼ੀ ਹੋਣ ਦਾ ਸਬੂਤ ਦਿੱਤਾ ਹੈ, ਉਕਤ ਸ਼ਬਦਾਂ ਦਾ ਪ੍ਰਗਟਾਵਾ ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਦੇ ਔਹੁਦੇ ਤੋਂ ਅਸਤੀਫ਼ਾ ਦੇਕੇ ਭਾਰਤੀ ਜਨਤਾ ਪਾਰਟੀ ਦੇ ਵਿੱਚ ਸ਼ਾਮਲ ਹੋਣ ਵਾਲੇ ਸੀਨੀਅਰ ਆਗੂ ਸੁਖਵਿੰਦਰਪਾਲ ਸਿੰਘ ਗਰਚਾ ਨੇ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਕਿਸਾਨਾਂ ਲਈ ਖਜ਼ਾਨੇ ਦੇ ਮੂੰਹ ਖੋਲ੍ਹ, ਕਿਸਾਨੀ ਹਿੱਤ ਵਿੱਚ ਲਏ ਗਏ ਅਹਿਮ ਫੈਸਲੇ ਸ਼ਲਾਘਾਯੋਗ ਹਨ, ਜੋ ਕਿਸਾਨਾਂ ਲਈ ਮਦਦਗਾਰ ਸਾਬਿਤ ਹੋਣਗੇ।



ਭਾਜਪਾ ਆਗੂ ਸੁਖਵਿੰਦਰਪਾਲ ਸਿੰਘ ਗਰਚਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੇ ਸਾਉਣੀ ਦੀਆਂ 14 ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਵਧਾ ਦਿੱਤਾ ਹੈ। ਝੋਨੇ ਦਾ ਨਵਾਂ ਘੱਟੋ-ਘੱਟ ਸਮਰਥਨ ਮੁੱਲ 2300 ਰੁਪਏ ਮਿਥਿਆ ਗਿਆ ਹੈ, ਜੋ ਕਿ ਪਿੱਛਲੇ ਸਮਰਥਨ ਮੁੱਲ ਨਾਲੋਂ ਘੱਟੋ ਘੱਟ 117 ਰੁਪਏ ਵੱਧ ਹੈ ਅਤੇ ਇਸ ਦੀ ਦੂਜੀ ਕਿਸਮ ਲਈ ਨਵਾਂ ਐੱਮ. ਐੱਸ. ਪੀ.7,521 ਰੁਪਏ ਹੋਵੇਗਾ ਜੋ ਪਹਿਲਾਂ ਨਾਲੋਂ 501 ਰੁਪਏ ਵੱਧ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਹਮੇਸ਼ਾ ਹੀ ਕਿਸਾਨਾਂ ਨੂੰ ਪਹਿਲ ਦਿੱਤੀ ਹੈ। ਇਸ ਸਰਕਾਰ ਨੇ ਆਪਣੇ ਨਵੇਂ ਕਾਰਜਕਾਲ ਦੀ ਸ਼ੁਰੂਆਤ ਦੌਰਾਨ ਕਿਸਾਨਾਂ' ਦੇ ਹਿੱਤ ਵਿੱਚ ਫੈਸਲੇ ਲਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਭਾਵੇਂ ਭਾਜਪਾ ਲੋਕ ਸਭਾ ਸੀਟ ਕੋਈ ਪ੍ਰਾਪਤ ਨਹੀਂ ਕਰ ਸਕੀ, ਪਰ ਵੋਟ ਫੀਸਦੀ ਵਿਚ ਹੋਏ ਵਾਧੇ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਭਾਜਪਾ ਪੰਜਾਬ ਵਿਚ ਦਿਨੋਂ-ਦਿਨ ਮਜ਼ਬੂਤ ਹੁੰਦੀ ਜਾ ਰਹੀ ਹੈ ਅਤੇ ਪੰਜਾਬ ਦੀ ਜਨਤਾ ਦਾ ਭਰੋਸਾ ਭਾਜਪਾ ਵਿੱਚ ਵਧਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਾਜਪਾ ਲੀਡਰਸ਼ਿਪ ਨੇ 2027 ਦੀਆਂ ਵਿਧਾਨਸਭਾ ਚੋਣਾਂ ਨੂੰ ਲੈ ਕੇ ਹੁਣ ਤੋਂ ਤਿਆਰੀਆਂ ਆਰੰਭ ਕਰ ਦਿੱਤੀਆਂ ਹਨ ਅਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਜਪਾ ਪੰਜਾਬ ਵਿੱਚ ਸਾਰੀਆਂ ਵਿਧਾਨ ਸਭਾ ਸੀਟਾਂ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੀ ਸਰਕਾਰ ਬਣਾਏਗੀ, ਕਿਉਂਕਿ ਇਨ੍ਹਾਂ ਲੋਕ ਸਭਾ ਚੋਣਾਂ ਵਿਚ 'ਆਪ' ਦੀ ਸੱਤਾਧਾਰੀ ਸਰਕਾਰ ਨੂੰ ਲੋਕਾਂ ਨੇ ਨਕਾਰ ਦਿੱਤਾ ਹੈ ਅਤੇ ਹੁਣ 2027 ਵਿੱਚ ਪੰਜਾਬ ਦੇ ਲੋਕ ਭਾਜਪਾ ਨੂੰ ਮੌਕਾ ਦੇਣਗੇ। ਸੁਖਵਿੰਦਰਪਾਲ ਸਿੰਘ ਗਰਚਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਪੰਜਾਬ ਹਿਤੈਸ਼ੀ ਹੈ, ਜਿਸ ਕਰ ਕੇ ਸਰਕਾਰ ਵੱਲੋਂ ਆਪਣੇ ਸ਼ੁਰੂਆਤੀ ਕਾਰਜਕਾਲ ਦੌਰਾਨ ਕਿਸਾਨਾਂ ਨੂੰ ਵੱਡਾ ਤੋਹਫਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਗਏ ਵਾਧੇ ਨਾਲ ਕਿਸਾਨਾਂ ਨੂੰ ਉਤਪਾਦਨ ਦੀ ਲਾਗਤ ਤੋਂ ਵੱਧ ਮੁੱਲ ਪ੍ਰਾਪਤ ਹੋਵੇਗਾ, ਜੋ ਉਨ੍ਹਾਂ ਦੀ ਆਮਦਨੀ ਵਧਾਉਣ ਵਿਚ ਮਦਦਗਾਰ ਸਾਬਿਤ ਹੋਵੇਗਾ। ਸਰਕਾਰ ਦਾ ਇਹ ਕਦਮ ਮੁੱਖ ਤੌਰ 'ਤੇ ਕਿਸਾਨਾਂ ਦੀ ਆਰਥਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਖੇਤੀਬਾੜੀ ਖੇਤਰ ਵਿੱਚ ਨਿਵੇਸ਼ ਨੂੰ ਪ੍ਰੋਤਸਾਹਿਤ ਕਰਨ ਲਈ ਹੈ। ਇਸ ਤਾਜ਼ਾ ਐਲਾਨ ਨੂੰ ਲੈ ਕੇ ਵੱਡੇ ਪੱਧਰ 'ਤੇ ਖੇਤੀਬਾੜੀ ਮੰਡੀਆਂ ਅਤੇ ਕਿਸਾਨ ਸੰਗਠਨ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ। ਮੰਨਿਆ ਜਾ ਰਿਹਾ ਹੈ ਕਿ ਇਹ ਵਾਧਾ ਝੋਨੇ ਦੀ ਉਤਪਾਦਕਤਾ ਵਿੱਚ ਸੁਧਾਰ ਲਿਆਉਣ ਦੇ ਨਾਲ-ਨਾਲ, ਖੇਤੀਬਾੜੀ ਖੇਤਰ ਵਿਚ ਪਾਰਦਰਸ਼ਤਾ ਅਤੇ ਨੈਤਿਕਤਾ ਨੂੰ ਵੀ ਉਤਸ਼ਾਹਿਤ ਕਰੇਗਾ।







SONNY
DHALIWAL
for SUPERVISOR
EXPERIENCED LEADERSHIP YOU CAN TRUST
Paid for by Sonny Dhaliwal for County Supervisor 2024 FPPC#1459023

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**


Cholestrol Test


Heart Health


Thyroid Test


Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**
**(209) 629-8282 |(209) 505-6384**

Address : 119. Maple AVe, Suite A Manteca, CA 95336


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

**2955 N. Wilson Way Stockton , CA 95205**

# ਸਾਬਕਾ ਵਿਧਾਇਕ ਸਿੱਕੀ ਵੱਲੋਂ ਦਰਿਆ ਦੇ ਟੁੱਟੇ ਪੁਲ ਦੀ ਮੁਰੰਮਤ ਲਈ ਪਿੰਡ ਵਾਸੀਆਂ ਨੂੰ ਆਪਣੇ ਵੱਲੋਂ 50 ਹਜ਼ਾਰ ਦੀ ਨਕਦ ਰਾਸ਼ੀ ਭੇਂਟ

ਤਰਨ ਤਾਰਨ
ਰਕੇਸ਼ ਨਈਅਰ

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਮੰਡ ਖੇਤਰ ਵਿੱਚ ਪਿੰਡ ਘੜਕਾ ਨੇੜੇ ਦਰਿਆ ਬਿਆਸ 'ਤੇ ਬਣੇ ਆਰਜੀ ਪੁਲ ਜੋ ਕਿ ਪਾਣੀ ਦੀ ਮਾਰ ਕਰਕੇ ਟੁੱਟ ਗਿਆ ਸੀ ਦੀ ਮੁਰੰਮਤ ਲਈ ਆਪਣੇ ਨਿੱਜੀ ਖਾਤੇ ਵਿਚੋਂ 50 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਪਿੰਡ ਵਾਸੀਆਂ ਨੂੰ ਦਿੱਤੀ ਗਈ ਹੈ।ਜਾਣਕਾਰੀ ਦਿੰਦਿਆਂ ਸਾਬਕਾ ਵਿਧਾਇਕ ਦੇ ਨਿੱਜੀ ਸਹਾਇਕ ਰਣਜੀਤ ਸਿੰਘ ਰਾਣਾ ਪਵਾਰ ਨੇ ਦੱਸਿਆ ਕਿ ਪਿੰਡ ਘੜਕਾ ਨੇੜੇ ਦਰਿਆ ਬਿਆਸ ਦੇ ਪਾਰ ਫਸਲਾਂ ਬੀਜਣ ਲਈ ਕਾਂਗਰਸ ਦੇ ਰਾਜ ਵਿੱਚ ਆਰਜੀ ਪੁੱਲ ਬਣਾਇਆ ਗਿਆ ਸੀ ਜੋ ਕਿ ਪਾਣੀ ਦੇ ਜਿਆਦਾ ਵਹਾਅ ਕਾਰਨ ਟੁੱਟ ਗਿਆ ਸੀ। ਉਸ ਦੀ ਹਲਾਤ ਦੇਖਣ ਪਹੁੰਚੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਨੂੰ ਸਥਾਨਕ ਨਿਵਾਸੀਆਂ ਵਲੋਂ ਦੱਸਿਆ ਗਿਆ ਕਿ ਪ੍ਰਸ਼ਾਸਨ ਵਲੋਂ ਟੁੱਟ ਚੁੱਕੇ ਪੁਲ ਦੀ ਮੁਰੰਮਤ ਜਾਂ ਬੰਨ੍ਹ ਬੰਨਣ ਲਈ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ।

ਜਦ ਕਿ ਦਰਿਆ ਤੋਂ ਪਾਰ ਝੋਨੇ ਦੀ ਫਸਲ ਦੀ ਬਿਜਾਈ ਲਈ ਸਾਧਨ ਲਿਜਾਣ ਦਾ ਉਨ੍ਹਾਂ ਕੋਲ ਹੋਰ ਕੋਈ ਰਸਤਾ ਨਹੀਂ। ਪਵਾਰ ਨੇ ਦੱਸਿਆ ਕਿ ਕਿਸਾਨਾਂ ਦੀ ਮੁਸ਼ਕਿਲ ਨੂੰ ਵੇਖਦਿਆਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਪੁਲ ਦੀ ਮੁਰੰਮਤ ਦਾ ਕੰਮ ਆਪਣੇ ਤੌਰ 'ਤੇ ਕਰਨ ਦੀ ਹੱਲਾਸ਼ੇਰੀ ਦਿੰਦਿਆਂ ਪਿੰਡ ਵਾਸੀਆਂ ਨੂੰ ਨਗਦ ਸਹਾਇਤਾ ਰਾਸ਼ੀ ਦਿੱਤੀ ਗਈ ਹੈ।



ਇਸ ਮੌਕੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਹ ਪੁੱਲ ਉਨ੍ਹਾਂ ਵੱਲੋਂ ਕਾਂਗਰਸ ਸਰਕਾਰ ਵੇਲੇ ਪਾਸ ਕਰਾ ਕੇ ਇਲਾਕਾ ਨਿਵਾਸੀਆਂ ਨੂੰ ਸਮਰਪਿਤ ਕੀਤਾ ਗਿਆ ਸੀ।ਉਨ੍ਹਾਂ ਕਿਹਾ ਪਿਛਲੇ ਸਾਲ ਵੀ ਪਾਣੀ ਦੀ ਮਾਰ ਨਾਲ ਕਿਸਾਨਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ,ਜੋ ਹੁਣ ਤੱਕ ਵੀ ਪੂਰਾ ਨਹੀ ਹੋਇਆ ਪਰ ਫਿਰ ਦੁਬਾਰਾ ਪਾਣੀ ਦੀ ਮਾਰ ਨਾਲ ਢਾਏ ਕੰਡੇ ਦੇ ਪਿੰਡਾਂ ਨੂੰ ਖ਼ਤਰਾ ਦਿੱਖ ਰਿਹਾ ਹੈ।

ਸਿੱਕੀ ਨੇ ਕਿਹਾ ਕਿ 'ਆਪ' ਸਰਕਾਰ ਦੀ ਨਲਾਇਕੀ ਹੈ ਕਿ ਪਿਛਲੇ ਸਾਲ ਮੰਡ ਖੇਤਰ ਵਿੱਚ ਪਾਣੀ ਦੀ ਮਾਰ ਨਾਲ ਹੋਏ ਨੁਕਸਾਨ ਦਾ ਬਹੁਤੇ ਕਿਸਾਨਾਂ ਨੂੰ ਅਜੇ ਤੱਕ ਵੀ ਮੁਆਵਜ਼ਾ ਨਹੀ ਮਿਲਿਆ ਤੇ ਅੱਗੇ ਸਰਕਾਰ ਤੋਂ ਕੀ ਆਸ ਰੱਖੀ ਜਾ ਸਕਦੀ ਹੈ। ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਇਸ ਸਰਕਾਰ ਦੇ ਕਰੀਬ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਹੀ ਪੰਜਾਬ ਦੇ ਲੋਕ ਦੁਖੀ ਹੋ ਗਏ ਹਨ ਜਿਸਦਾ ਗੁੱਸਾ ਉਨ੍ਹਾਂ ਵਲੋਂ ਲੰਘੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਦਿੱਤੀ ਕਰਾਰੀ ਹਾਰ ਨਾਲ ਕੱਢਿਆ ਗਿਆ ਹੈ। ਸਿੱਕੀ ਨੇ ਕਿਹਾ ਮੌਜੂਦਾ ਸਰਕਾਰ ਹਰ ਫਰੰਟ ਤੇ ਬਿੱਲਕੁੱਲ ਫੇਲ ਹੋ ਚੁੱਕੀ ਹੈ। ਉਨ੍ਹਾਂ ਕਿਹਾ ਪਾਣੀ ਦੀ ਮਾਰ ਤੋਂ ਬਚਾਉਣ ਲਈ ਪਹਿਲਾਂ ਹੀ ਪ੍ਰਬੰਧ ਕਰਨੇ ਚਾਹੀਦੇ ਸਨ ਜੋ ਸਰਕਾਰ ਵੱਲੋਂ ਸਮੇਂ ਸਿਰ ਨਹੀ ਕੀਤੇ ਗਏ ਜਦ ਕਿ ਕੁਝ ਦਿਨਾਂ ਤੱਕ ਬਰਸਾਤ ਸ਼ੁਰੂ ਹੋਣ ਵਾਲੀ ਹੈ।

ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਉਹ ਆਪਣੇ ਹਲਕੇ ਦੇ ਕਿਸਾਨਾਂ ਅਤੇ ਪਿੰਡ ਵਾਸੀਆਂ ਦੇ ਨਾਲ ਹਰ ਵੇਲੇ ਮੋਢੇ ਨਾਲ ਮੋਢਾ ਲਾ ਕੇ ਖੜਣਗੇ ਅਤੇ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਣਾ ਰਣਜੀਤ ਸਿੰਘ ਭੈਲ,ਚੇਅਰਮੈਨ ਬਾਬਾ ਸਾਹਿਬ ਸਿੰਘ ਗੁੱਜਰਪੁਰਾ,ਮਨਦੀਪ ਸਿੰਘ ਸਰਪੰਚ ਘੜਕਾ,ਬਲਬੀਰ ਸਿੰਘ ਸ਼ਾਹ ਸਰਪੰਚ ਕਰਮੂੰਵਾਲਾ, ਨਛੱਤਰ ਸਿੰਘ ਕਾਲਾ ਘੜਕਾ ਡਾਇਰੈਕਟਰ ਅਤੇ ਪਿੰਡ ਘੜਕਾ ਦੀ ਸੰਗਤ ਹਾਜ਼ਰ ਸੀ।

# ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ 6786 ਲਾਭਪਤਾਰੀਆਂ ਨੂੰ 34 ਕਰੋੜ ਰੁਪਏ ਦੀ ਪ੍ਰਵਾਨਗੀ ਜਾਰੀ: ਡਾ.ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਮੰਤਵ ਤਹਿਤ ਅੱਜ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸੋਮਵਾਰ ਨੂੰ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਸੂਬੇ ਦੀ ਅਸ਼ੀਰਵਾਦ ਸਕੀਮ ਤਹਿਤ 6786 ਲਾਭਪਤਾਰੀਆਂ ਨੂੰ 34 ਕਰੋੜ ਰੁਪਏ ਦੀ ਪ੍ਰਵਾਨਗੀ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਚੰਡੀਗੜ੍ਹ ਵਿਖੇ ਪੰਜਾਬ ਭਵਨ 'ਚ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਾਲ 2023-24 ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਅਨੁਸੂਚਿਤ ਜਾਤੀ ਨਾਲ ਸਬੰਧਤ 5357 ਲਾਭਪਤਾਰੀਆਂ ਨੂੰ 2732.07 ਲੱਖ ਰੁਪਏ ਦੀ ਪ੍ਰਵਾਨਗੀ ਜਾਰੀ ਕੀਤੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਾਲ 2023-24 ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ 1429 ਲਾਭਪਤਾਰੀਆਂ ਨੂੰ 728.79 ਲੱਖ ਰੁਪਏ ਦੀ ਪ੍ਰਵਾਨਗੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਜਲਦ ਹੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਜਾਵੇਗੀ। ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਪੰਜਾਬ ਰਾਜ ਦੇ ਵਸਨੀਕ ਅਨੁਸੂਚਿਤ



ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਪਰਿਵਾਰਾਂ ਨੂੰ, ਉਨ੍ਹਾਂ ਦੀਆਂ ਲੜਕੀਆਂ ਦੇ ਵਿਆਹ/ਪੁਨਰ ਵਿਆਹ ਲਈ ਇੱਕ ਪਰਿਵਾਰ ਵਿੱਚ 02 ਲੜਕੀਆਂ ਨੂੰ ਰਾਜ ਸਰਕਾਰ ਵੱਲੋਂ 51,000 ਰੁਪਏ ਪ੍ਰਤੀ ਲਾਭਪਾਤਰੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਲਾਭ ਪ੍ਰਾਪਤ ਕਰਨ ਲਈ ਬਿਨੈਕਾਰ ਵਿਆਹ ਦੀ ਮਿਤੀ ਤੋਂ ਪਹਿਲਾਂ ਅਤੇ 30 ਦਿਨ ਬਾਅਦ ਤੱਕ ਅਪਲਾਈ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਇਸ ਸਕੀਮ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਦੇ ਮੰਤਵ ਨਾਲ ਲਾਭਪਾਤਰੀਆਂ ਤੋਂ ਆਨਲਾਈਨ ਦਰਖਾਸਤਾਂ ਪ੍ਰਾਪਤ ਕਰਨ ਲਈ ਅਸ਼ੀਰਵਾਦ ਪੋਰਟਲ ਅਪ੍ਰੈਲ, 2023 ਤੋਂ ਚਾਲੂ ਕੀਤਾ ਗਿਆ।

ਡਾ. ਬਲਜੀਤ ਕੌਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਕਾਇਆ ਕੇਸਾਂ ਸਬੰਧੀ ਜਲਦੀ ਹੀ ਸਾਰੇ ਜ਼ਿਲ੍ਹਿਆਂ ਦੇ ਸਬੰਧਤ ਲਾਭਪਾਤਰੀਆਂ ਨੂੰ ਅਦਾਇਗੀ ਕੀਤੀ ਜਾਵੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾ ਤੋ ਸਲਾਨਾ ਆਮਦਨ 32,790 ਰੁਪਏ ਤੋ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਦੇਣ ਦੇ ਯੋਗ ਹਨ।

ਪ੍ਰੈਸ ਕਾਨਫਰੰਸ ਵਿੱਚ ਇੱਕ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਅਸ਼ੀਰਵਾਦ ਸਕੀਮ ਅਧੀਨ ਜਾਅਲੀ ਲਾਭਪਾਤਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਵੇਗੀ।

# ਪੀ.ਐਸ.ਪੀ.ਸੀ.ਐਲ ਨੇ ਹਰੀ ਊਰਜਾ ਨੂੰ ਦਿੱਤਾ ਹੁਲਾਰਾ- ਈਟੀਓ

ਫਤਿਹਗੜ੍ਹ ਸਾਹਿਬ
ਸਾਂਝੀ ਸੋਚ ਬਿਊਰੋ

ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪਿੰਡ ਜਲਖੇੜੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ 10 ਮੈਗਾਵਾਟ ਬਾਇਓਮਾਸ ਪਾਵਰ ਪਲਾਂਟ ਦੇ ਸਫਲ ਮੁੜ ਚਾਲੂ ਹੋਣ ਦਾ ਐਲਾਨ ਕੀਤਾ, ਜਿਸ ਨਾਲ ਪੰਜਾਬ ਲਈ ਵਾਤਾਵਰਣ ਅਤੇ ਆਰਥਿਕ ਲਾਭ ਹੋਣਗੇ।ਪਿੰਡ ਜਲਖੇੜੀ (ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ) ਵਿਖੇ 10 ਮੈਗਾਵਾਟ ਬਾਇਓਮਾਸ ਪਲਾਂਟ ਮੂਲ ਰੂਪ ਵਿੱਚ ਪੀਐਸਈਬੀ (ਹੁਣ ਪੀਐਸਪੀਸੀਐਲ) ਦੁਆਰਾ ਜੂਨ 1992 ਵਿੱਚ ਚਾਲੂ ਕੀਤਾ ਗਿਆ ਸੀ। ਪਲਾਂਟ ਜੁਲਾਈ 1995 ਤੱਕ ਚੱਲਦਾ ਰਿਹਾ, ਜਿਸ ਤੋਂ ਬਾਅਦ ਇਹ ਜੁਲਾਈ 2001 ਵਿੱਚ ਮੈਸਰਜ਼ ਜਲਖੇੜੀ ਪਾਵਰ ਪਲਾਂਟ ਲਿਮਿਟਿਡ (ਜੇਪੀਪੀਐਲ) ਨੂੰ ਲੀਜ਼ 'ਤੇ ਦੇ ਦਿੱਤਾ ਗਿਆ। ਪਲਾਂਟ ਜੁਲਾਈ 2002 ਵਿੱਚ ਮੁੜ ਚਾਲੂ ਹੋਇਆ ਅਤੇ ਸਤੰਬਰ 2007 ਤੱਕ ਚੱਲਦਾ ਰਿਹਾ। 2018 ਵਿੱਚ, ਪਲਾਂਟ ਨੂੰ ਨਵੀਨੀਕਰਨ, ਸੰਚਾਲਨ ਅਤੇ ਟ੍ਰਾਂਸਫਰ ਦੇ ਆਧਾਰ 'ਤੇ ਲੀਜ਼ 'ਤੇ ਦੇਣ ਲਈ ਮੁੜ ਟੈਂਡਰ ਕੀਤਾ ਗਿਆ।

ਹੁਣ ਨਵੀਨੀਕ੍ਰਿਤ ਪਲਾਂਟ 21 ਜੂਨ, 2024 ਨੂੰ ਮੁੜ ਚਾਲੂ ਕੀਤਾ ਗਿਆ ਹੈ। ਇਹ ਉੱਨਤ ਡੈਨਮਾਰਕ ਤਕਨਾਲੋਜੀ ਵਾਲੇ ਬਾਇਲਰਾਂ ਦੀ ਵਰਤੋਂ ਕਰਦਾ ਹੈ ਅਤੇ 100% ਝੋਨੇ ਦੀ ਨਾੜ ਦੀ ਵਰਤੋਂ ਕਰਕੇ ਬਿਜਲੀ ਪੈਦਾ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਅਤਿ-ਆਧੁਨਿਕ ਬਾਇਓਮਾਸ ਪਲਾਂਟ ਸਾਲਾਨਾ ਲਗਭਗ 1 ਲੱਖ ਟਨ ਝੋਨੇ ਦੀ ਨਾੜ ਦੀ ਖਪਤ ਕਰੇਗਾ। ਇਹ ਸੂਬਾ ਸਰਕਾਰ ਨੂੰ ਪੰਜਾਬ ਵਿੱਚ ਲਗਭਗ 40 ਹਜ਼ਾਰ ਏਕੜ ਖੇਤਰ ਵਿੱਚ ਝੋਨੇ ਦੀ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਵਿੱਚ ਮਦਦ ਕਰੇਗਾ। ਇਹ ਪਹਿਲਕਦਮੀ 400-500 ਵਿਅਕਤੀਆਂ ਨੂੰ ਸਿੱਧਾ ਅਤੇ ਅਸਿੱਧਾ ਰੁਜ਼ਗਾਰ ਪ੍ਰਦਾਨ ਕਰੇਗੀ, ਜੋ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਵਧਾਵਾ ਦੇਵੇਗੀ। ਇਸ ਪ੍ਰੋਜੈਕਟ ਨਾਲ ਕਈ ਲਾਭ ਹੋਣਗੇ ਜਿਵੇਂ ਕਿ ਖੇਤਾਂ ਵਿੱਚ ਝੋਨੇ ਦੀ ਨਾੜ ਸਾੜਨ ਨਾਲ ਹੋਣ ਵਾਲੇ ਵਾਯੂ ਪ੍ਰਦੂਸ਼ਣ ਨੂੰ ਘਟਾ ਕੇ ਵਾਤਾਵਰਣ ਦੀ ਸੁਰੱਖਿਆ, ਜੀਵਾਸ਼ਮ ਈਂਧਨਾਂ 'ਤੇ ਨਿਰਭਰਤਾ ਘਟਾ ਕੇ ਟਿਕਾਊ ਊਰਜਾ ਨੂੰ ਸਮਰਥਨ, ਅਤੇ ਪੰਜਾਬ ਵਿੱਚ ਉਪਲਬਧ ਭਰਪੂਰ ਝੋਨੇ ਦੀ ਨਾੜ ਦੀ ਪ੍ਰਭਾਵਸ਼ਾਲੀ ਵਰਤੋਂ।

ਇਸ ਪਲਾਂਟ ਲਈ ਪਾਵਰ ਖਰੀਦ ਸਮਝੌਤੇ (ਪੀਪੀਏ) ਦੀ ਮਿਆਦ 20 ਸਾਲ ਹੈ ਜਿਸ ਤੋਂ ਬਾਅਦ ਪਲਾਂਟ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਿਡ (ਪੀਐਸਪੀਸੀਐਲ) ਨੂੰ ਟ੍ਰਾਂਸਫਰ ਕਰ ਦਿੱਤਾ ਜਾਵੇਗਾ। ਟੈਂਡਰਿੰਗ ਪ੍ਰਕਿਰਿਆ ਵਿੱਚ ਸਭ ਤੋਂ ਘੱਟ ਬੋਲੀ ਲਗਾਉਣ ਵਾਲੇ ਦੁਆਰਾ ਪ੍ਰਤੀ ਕਿਲੋਵਾਟ ਘੰਟਾ ਸ਼ੁਰੂਆਤੀ ਕੋਟ ਕੀਤੀ ਟੈਰਿਫ ਦਰ 7.25 ਰੁਪਏ ਸੀ ਅਤੇ ਰਿਵਰਸ ਨੀਲਾਮੀ ਤੋਂ ਬਾਅਦ ਅੰਤਿਮ ਕੋਟ ਕੀਤੀ ਟੈਰਿਫ ਦਰ 5.84 ਰੁਪਏ ਪ੍ਰਤੀ ਕਿਲੋਵਾਟ ਘੰਟਾ ਸੀ ਜੋ ਗੱਲਬਾਤ ਤੋਂ ਬਾਅਦ ਹੋਰ 0.07 ਰੁਪਏ ਪ੍ਰਤੀ ਕਿਲੋਵਾਟ ਘੰਟਾ ਘਟਾ ਕੇ 5.77 ਰੁਪਏ ਪ੍ਰਤੀ ਕਿਲੋਵਾਟ ਘੰਟਾ ਕਰ ਦਿੱਤੀ ਗਈ ਹੈ, ਜਿਸ ਨਾਲ ਲੀਜ਼ ਦੀ ਮਿਆਦ ਦੌਰਾਨ 10 ਕਰੋੜ ਰੁਪਏ ਦੀ ਬੱਚਤ ਹੋਵੇਗੀ। ਲੀਜ਼ ਸਮਝੌਤਾ ਮੈਸਰਜ਼ ਸੁਖਵੀਰ ਐਗਰੋ ਐਨਰਜੀ ਲਿਮਿਟਿਡ (ਐਸਏਈਐਲ) ਨਾਲ 2019 ਵਿੱਚ ਹਸਤਾਖਰ ਕੀਤਾ ਗਿਆ ਸੀ।ਊਰਜਾ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪ੍ਰੋਜੈਕਟ ਦੇ ਬਹੁ-ਪੱਖੀ ਲਾਭਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, "ਇਹ ਪਹਿਲਕਦਮੀ ਨਾ ਸਿਰਫ਼ ਸਾਡੀ ਹਰਿਤ ਊਰਜਾ ਸਮਰੱਥਾ ਨੂੰ ਵਧਾਉਂਦੀ ਹੈ ਅਤੇ ਰੁਜ਼ਗਾਰ ਪ੍ਰਦਾਨ ਕਰਦੀ ਹੈ, ਬਲਕਿ ਪਰਾਲੀ ਸਾੜਨ ਦੀ ਲਗਾਤਾਰ



ਸਮੱਸਿਆ ਦਾ ਹੱਲ ਵੀ ਪੇਸ਼ ਕਰਦੀ ਹੈ। ਇਹ ਸਾਡੀ ਸਰਕਾਰ ਦੀ ਊਰਜਾ ਸੁਰੱਖਿਆ, ਵਾਤਾਵਰਣ ਸੁਰੱਖਿਆ, ਅਤੇ ਆਰਥਿਕ ਵਿਕਾਸ ਪ੍ਰਤੀ ਵਚਨਬੱਧਤਾ ਨਾਲ ਪੂਰੀ ਤਰ੍ਹਾਂ ਮੇਲ ਖਾਂਦੀ ਹੈ।"

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354


Punjabi Cultural Society Of Tracy Presents
ਤੀਆਂ ਦਾ ਮੇਲਾ
LADIES ONLY
4 ਅਗਸਤ, 2024, ਦਿਨ ਐਤਵਾਰ
I P F E S
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ |
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
SANSAR
dhaba Indian Cuisine
CASTLE WINTON PHARMACY
NorCal Liquors
NEW INDIAN
CLEANERS
CITY AUTO
Two Guy's
TANDOORI PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926




ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

## ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ

ਸਰਬੱਤ ਦੇ ਭਲੇ ਲਈ

## ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

**09 ਅਗਸਤ, 2024**
( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ )

**11 ਅਗਸਤ, 2024**
( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ )

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE: 2150 CRESTVIEW DRIVE, PITTSBURG, CA 94565**

# ਜਲੰਧਰ 'ਚ ਕਾਂਗਰਸ ਅਤੇ ਭਾਜਪਾ ਨੂੰ ਝਟਕਾ! ਦੋਵੇਂ ਪਾਰਟੀਆਂ ਦੇ ਕਈ ਆਗੂ 'ਆਪ' 'ਚ ਸ਼ਾਮਲ

ਜਲੰਧਰ
ਸਾਂਝੀ ਸੋਚ ਬਿਊਰੋ




ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਤੋਂ ਪਹਿਲਾਂ ਕਾਂਗਰਸ ਅਤੇ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ (ਆਪ) ਨੂੰ ਵੀ ਕਾਫੀ ਮਜ਼ਬੂਤੀ ਮਿਲੀ ਹੈ। ਸੋਮਵਾਰ ਨੂੰ ਦੋਵਾਂ ਪਾਰਟੀਆਂ ਦੇ ਕਈ ਆਗੂ, ਕੌਂਸਲਰ ਅਤੇ ਸਾਬਕਾ ਕੌਂਸਲਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਪੱਛਮੀ ਤੋਂ 'ਆਪ' ਉਮੀਦਵਾਰ ਮੋਹਿੰਦਰ ਭਗਤ ਦੀ ਮੌਜੂਦਗੀ 'ਚ ਸਾਰੇ ਆਗੂਆਂ ਨੂੰ ਰਸਮੀ ਤੌਰ 'ਤੇ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ 'ਆਪ' ਪਰਿਵਾਰ 'ਚ ਸਵਾਗਤ ਕੀਤਾ।

ਜਲੰਧਰ ਨਗਰ ਨਿਗਮ ਦੇ ਕੌਂਸਲਰ ਰਾਜੀਵ ਓਂਕਾਰ ਟਿੱਕਾ, ਦਰਸ਼ਨ ਭਗਤ ਸਮੇਤ ਕਾਂਗਰਸ ਅਤੇ ਭਾਜਪਾ ਦੇ ਕਈ ਸਥਾਨਕ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਮੁਕੇਸ਼ ਸਿਆਲ (ਪ੍ਰਧਾਨ ਸ਼ਿਵ ਸੈਨਾ ਬਾਲ ਠਾਕਰੇ, ਜਲੰਧਰ ਸ਼ਹਿਰ), ਗੁਰਬਚਨ ਜੱਲਾ (ਸਕੱਤਰ ਕਾਂਗਰਸ ਪਾਰਟੀ, ਜਲੰਧਰ), ਸਚਿਨ ਲਵਲੀ (ਸਕੱਤਰ ਕਾਂਗਰਸ ਪਾਰਟੀ, ਜਲੰਧਰ) ਗਗਨ ਪੰਨਵਾ (ਪ੍ਰਧਾਨ ਬਰਾੜ ਸਭਾ ਜਲੰਧਰ), ਵਿਸ਼ਾਲ ਸ਼ਾਲੂ (ਕਾਂਗਰਸ), ਅਮਨ ਲਾਂਬਾ, ਸੰਗ ਬਰਾੜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਕਾਂਗਰਸ ਪਾਰਟੀ ਤੋਂ ਧਰਮਪਾਲ ਭਾਸ਼, ਰਾਜੀਵ ਭਾਸ਼, ਬੋਡ ਰਾਓ ਭਾਸ਼, ਮੋਹਿੰਦਰ ਭਾਸ਼, ਰਾਜੇਸ਼ ਭਾਸ਼, ਬਚਨ ਭਾਸ਼, ਯਸ਼ ਭਾਸ਼, ਰਾਜਕੁਮਾਰ ਭਾਸ਼, ਰਮੇਸ਼ ਭਾਸ਼, ਨਿਤਿਨ ਭਾਸ਼ ਅਤੇ ਕਾਨੂੰ ਬਹਿਲ ਸ਼ਾਮਿਲ ਹੋਏ। ਜਦੋਂਕਿ ਭਾਜਪਾ ਤੋਂ ਅਮਨਦੀਪ ਸਿੰਘ ਲਾਂਬਾ, ਸੌਰਵ ਅਰੋੜਾ ਅਤੇ ਲਲਿਤ ਕੁਮਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਕਾਂਗਰਸ ਪਾਰਟੀ ਤੋਂ ਸੁਖਦੇਵ ਸਿੰਘ ਲਾਹੌਰੀਆ, ਟੋਨੀ ਸ਼ਰਮਾ, ਪ੍ਰੀਤਮ ਲਾਲ ਮੰਡ, ਸੁਨੀਲ ਕੁਮਾਰ ਸੋਨੂੰ, ਵਿਜੇ ਕੁਮਾਰ ਪੱਪੂ, ਸੁਖਦੇਵ ਕੁਮਾਰ ਗੁੱਗੀ, ਮੱਖਣ ਸਿੰਘ, ਗੁਰਪ੍ਰੀਤ ਸਿੰਘ ਚੌਹਾਨ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।

ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਜਲੰਧਰ ਪੱਛਮੀ ਦੇ ਲੋਕਾਂ ਦੀ ਪਹਿਲੀ ਪਸੰਦ ਹੈ। ਇਸ ਵਾਰ ਇੱਥੋਂ ਦੇ ਲੋਕ ਧੋਖੇਬਾਜ਼ਾਂ ਨੂੰ ਜਵਾਬ ਦੇਣਗੇ ਅਤੇ ਉਨ੍ਹਾਂ ਦੀਆਂ ਜ਼ਮਾਨਤਾਂ ਜ਼ਬਤ ਕਰਵਾਉਣਗੇ।

ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਪਾਰਟੀ ਲਈ ਨਿਰਸਵਾਰਥ ਹੋ ਕੇ ਕੰਮ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਇਸ ਚੋਣ ਵਿੱਚ ਪਾਰਟੀ ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਲਈ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਕੰਮ ਕਰਾਂਗੇ।

# ਜ਼ਮੀਨ ਦੇ ਇੰਤਕਾਲ ਬਦਲੇ 5500 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਮਾਨਸਾ ਜ਼ਿਲ੍ਹੇ ਦੇ ਮਾਲ ਹਲਕਾ ਦਾਤੇਵਾਸ, ਤਹਿਸੀਲ ਬੁਢਲਾਡਾ ਵਿਖੇ ਤਾਇਨਾਤ ਇੱਕ ਮਾਲ ਪਟਵਾਰੀ ਜੋਗਿੰਦਰ ਸਿੰਘ ਨੂੰ 5500 ਰੁਪਏ ਦੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਮਾਨਸਾ ਦੇ ਪਿੰਡ ਰੰਘੜਿਆਲ ਦੇ ਵਸਨੀਕ ਗੁਰਚੰਦ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਹਨਾਂ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣਾ ਬਿਆਨ ਦਰਜ ਕਰਵਾਇਆ ਹੈ ਕਿ ਉਕਤ ਪਟਵਾਰੀ ਨੇ ਸਾਂਝੀ ਜ਼ਮੀਨ ਦੀ ਵੰਡ ਅਤੇ ਇਸਦੀ ਹੱਦਬੰਦੀ ਕਰਨ ਲਈ ਪਹਿਲਾਂ ਹੀ ਉਸ ਤੋਂ ਅਤੇ ਹੋਰਨਾਂ ਹਿੱਸੇਦਾਰਾਂ ਤੋਂ ਰਿਸ਼ਵਤ ਵਜੋਂ 12,000 ਰੁਪਏ ਲੈ ਲਏ ਹਨ। ਹੁਣ ਮੁਲਜ਼ਮ ਪਟਵਾਰੀ ਨੇ ਇਸ ਜ਼ਮੀਨ ਦੇ ਇੰਤਕਾਲ ਬਦਲੇ 10,000 ਰੁਪਏ ਦੀ ਮੰਗ ਕੀਤੀ, ਪਰ ਸੌਦਾ 6,000 ਰੁਪਏ ਵਿੱਚ ਤੈਅ ਹੋਇਆ ਅਤੇ ਉਹ ਪਹਿਲਾਂ ਹੀ 1000 ਰੁਪਏ ਲੈ ਚੁੱਕਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,500 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਅਗਲੇਰੀ ਪੁੱਛਗਿੱਛ ਜਾਰੀ ਹੈ।







ARES LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**

SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139

ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122
Office : 209-823-1234

www.RamanBassi.EXITHOME.COM
RBassi@EXITHOME.com



ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਗਿੱਪੀ ਗਰੇਵਾਲ ਦੀ ਨਵੀਂ ਫ਼ਿਲਮ 'ਅਰਦਾਸ ਸਰਬੱਤ ਦੇ ਭਲੇ ਦੀ' ਦਾ ਟੀਜ਼ਰ ਹੋਇਆ ਰਿਲੀਜ਼

ਪੰਜਾਬੀ ਫਿਲਮ ਇੰਡਸਟਰੀ 'ਚ ਗਾਇਕ ਅਤੇ ਅਦਾਕਾਰ ਗਿੱਪੀ ਗਰੇਵਾਲ ਹਮੇਸ਼ਾਂ ਹੀ ਆਪਣੀਆਂ ਫਿਲਮਾਂ ਤੇ ਗੀਤਾਂ ਨੂੰ ਲੈ ਕੇ ਚਰਚਾ ਰਹਿੰਦੇ ਹਨ। ਇਨੀਂ ਦਿਨੀਂ ਗਿੱਪੀ ਗਰੇਵਾਲ ਆਪਣੀ ਨਵੀਂ ਆਉਣ ਵਾਲੀ ਪੰਜਾਬੀ ਫਿਲਮ 'ਅਰਦਾਸ ਸਰਬੱਤ ਦੇ ਭਲੇ ਦੀ' ਨੂੰ ਲੈ ਕੇ ਸੁਰਖੀਆਂ 'ਚ ਛਾਏ ਹੋਏ ਹਨ। ਜਿਸ ਦਾ ਟੀਜ਼ਰ ਹਾਲ ਹੀ ਵਿੱਚ ਰਿਲੀਜ਼ ਹੋਇਆ ਹੈ ਅਤੇ ਦਰਸ਼ਕਾਂ ਵਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ। ਦੱਸ ਦਈਏ ਕਿ ਹਿੱਟ ਗਾਇਕ, ਸ਼ਾਨਦਾਰ ਅਦਾਕਾਰ ਤੇ ਵਧੀਆ ਨਿਰਦੇਸ਼ਕ ਵਰਗੇ ਸਾਰੇ ਗੁਣ ਗਿੱਪੀ ਗਰੇਵਾਲ ਹਨ, ਜੋ ਉਨ੍ਹਾਂ ਨੂੰ ਹਮੇਸ਼ਾ ਹੀ ਕੁਝ ਨਵਾਂ ਕਰਨ ਲਈ ਪ੍ਰੇਰਿਤ ਕਰਦੇ ਹਨ। ਸਾਲ 2016 'ਚ ਆਈ ਫਿਲਮ 'ਅਰਦਾਸ' ਅਤੇ 2019 ਵਿੱਚ ਆਈ ਫ਼ਿਲਮ 'ਅਰਦਾਸ ਕਰਾਂ' ਤੋਂ ਹੱਟ ਕੇ ਹੁਣ ਇਸ ਫ਼ਿਲਮ ਵਿੱਚ ਕੁਝ ਨਵਾਂ ਕਰਨ ਦੀ ਕੋਸ਼ਿਸ ਕੀਤੀ ਗਈ ਹੈ। ਗਿੱਪੀ ਗਰੇਵਾਲ, ਜੈਸਮੀਨ ਭਸੀਨ ਅਤੇ ਗੁਰਪ੍ਰੀਤ ਸਿੰਘ ਘੁੱਗੀ ਸਟਾਰਰ ਇਸ ਫ਼ਿਲਮ ਦਾ ਟੀਜ਼ਰ ਇਨਸਾਨ ਦੇ ਜੀਵਨ ਅਤੇ ਸੰਘਰਸ਼ਾਂ ਦੀ ਝਲਕ ਦਿੰਦਾ ਹੈ, ਉਹਨਾਂ ਬੋਝਾਂ ਨੂੰ ਉਜਾਗਰ ਕਰਦਾ ਹੈ। ਇਹ ਫਿਲਮ ਗਿੱਪੀ ਗਰੇਵਾਲ ਦੁਆਰਾ ਲਿਖੀ ਅਤੇ ਨਿਰਦੇਸ਼ਿਤ ਕੀਤੀ ਗਈ ਹੈ। ਇਸ ਫਿਲਮ ਦੇ ਟੀਜ਼ਰ ਬਾਰੇ ਆਪਣੇ ਉਤਸ਼ਾਹ ਨੂੰ ਜ਼ਾਹਰ ਕਰਦੇ ਹੋਏ ਗਿੱਪੀ ਨੇ ਕਿਹਾ: "ਇਹ ਫਿਲਮ ਹਮੇਸ਼ਾ ਮੇਰੇ ਦਿਲ ਦੇ ਨੇੜੇ ਰਹੀ ਹੈ, ਕਿਉਂਕਿ ਇਹ ਇੱਕ ਲੇਖਕ ਅਤੇ ਨਿਰਦੇਸ਼ਕ ਵਜੋਂ ਮੇਰੀ ਸ਼ੁਰੂਆਤ ਸੀ। ਪੈਨੋਰਮਾ ਅਤੇ ਜੀਓ ਸਟੂਡੀਓਜ਼ ਦਾ ਇਕੱਠੇ ਆਉਣਾ ਸਾਡੇ ਸਾਰਿਆਂ ਲਈ ਇੱਕ ਵਰਦਾਨ ਹੈ। ਇਹ ਅਕਸਰ ਕਿਹਾ ਜਾਂਦਾ ਹੈ ਕਿ ਕਿਸੇ ਵੀ ਫਿਲਮ ਲਈ ਬਹੁਤ ਸਾਰੀਆਂ ਊਰਜਾਵਾਂ ਮਿਲਦੀਆਂ ਹਨ, ਇਹ ਸਹਿਯੋਗ ਸਾਡੇ ਸਾਰਿਆਂ ਲਈ ਇੱਕ ਸ਼ਾਨਦਾਰ ਊਰਜਾ ਸਾਬਤ ਹੋਇਆ ਹੈ,




ਅਤੇ ਦਰਸ਼ਕ ਵੀ ਇਸਨੂੰ ਮਹਿਸੂਸ ਕਰਨਗੇ। ਫਿਲਮ ਵਿੱਚ ਪ੍ਰਿੰਸ ਕੰਵਲਜੀਤ ਸਿੰਘ, ਮਲਕੀਤ ਰੌਣੀ ਅਤੇ ਰਘਵੀਰ ਬੋਲੀ ਵੀ ਹਨ। ਇਸ ਫ਼ਿਲਮ ਦੇ ਨਿਰਮਾਤਾ ਗਿੱਪੀ ਗਰੇਵਾਲ, ਰਵਨੀਤ ਕੌਰ ਗਰੇਵਾਲ, ਜੋਤੀ ਦੇਸ਼ਪਾਂਡੇ, ਕੁਮਾਰ ਮੰਗਤ ਪਾਠਕ, ਅਭਿਸ਼ੇਕ ਪਾਠਕ ਅਤੇ ਦਿਵੇ ਧਮੀਜਾ ਹਨ। ਇਹ 13 ਸਤੰਬਰ ਨੂੰ ਸਿਨੇਮਾਘਰਾਂ 'ਚ ਰਿਲੀਜ਼ ਹੋਵੇਗੀ।






ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Truck Wash
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com


WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA



ਰਜਵਿੰਦਰ ਪਾਲ ਸ਼ਰਮਾ
ਪਿੰਡ ਕਾਲਝਰਾਣੀ
ਡਾਕਖਾਨਾ ਚੱਕ ਅਤਰ ਸਿੰਘ ਵਾਲਾ
ਤਹਿ ਅਤੇ ਜ਼ਿਲ੍ਹਾ-ਬਠਿੰਡਾ
70873-67969

# ਪਿੰਡਾਂ ਤੋਂ ਸ਼ਹਿਰਾਂ ਵੱਲ ਦੀ ਦੌੜ

ਦੇਸ਼ ਦੇ ਰਾਸ਼ਟਰਪਿਤਾ ਵਜੋਂ ਜਾਣੇ ਜਾਂਦੇ ਬਾਪੂ ਮੋਹਨ ਦਾਸ ਕਰਮ ਚੰਦ ਗਾਂਧੀ ਜੀ ਨੇ ਇਕ ਵਾਰ ਕਿਹਾ ਸੀ ਕਿ ਭਾਰਤ ਪਿੰਡਾਂ ਵਿੱਚ ਵਸਦਾ ਹੈ। ਪਛੜੇ ਲੋਕਾਂ ਨੂੰ ਉਹ ਸਮੇਂ ਦੇ ਹਾਣੀ ਬਨਾਉਣਾ ਚਾਹੁੰਦੇ ਸਨ,ਇਸ ਕਰਕੇ ਹੀ ਪਿੰਡਾਂ ਵਿੱਚ ਵਸਦੇ ਭਾਰਤ ਦੇ ਸੁਚੱਜੇ ਸ਼ਾਸਨ ਲਈ ਗਾਂਧੀ ਜੀ ਨੇ ਪੰਚਾਇਤੀ ਰਾਜ਼ ਦੀ ਸਥਾਪਨਾ ਵਿੱਚ ਅਹਿਮ ਭੂਮਿਕਾ ਨਿਭਾਈ। ਪਿੰਡਾਂ ਦਾ ਰਹਿਣ ਸਹਿਣ ਸ਼ਹਿਰ ਦੀਆਂ ਤੰਗ ਗਲੀਆਂ ਅਤੇ ਭੀੜ ਭੜੱਕੇ ਵਾਲੀ ਜ਼ਿੰਦਗੀ ਤੋਂ ਦੂਰ ਸਕੂਨ ਭਰੀ ਹੈ, ਜਿਥੇ ਰੂਹ ਨੂੰ ਖੁਸ਼ੀ ਅਤੇ ਆਤਮਾ ਨੂੰ ਸ਼ਾਂਤੀ ਮਿਲਦੀ ਹੈ।ਮਹਾਨ ਤਪੱਸੀਆਂ ਨੇ ਤਪ ਕਰਨ ਲਈ ਸ਼ਾਂਤੀਪੂਰਨ ਸਥਾਨਾਂ ਦੀ ਖ਼ੋਜ ਲਈ ਜੰਗਲਾਂ ਨੂੰ ਚੁਣਿਆ, ਇਹਨਾਂ ਜੰਗ.ਲ ਬੇਲਿਆਂ ਤੋਂ ਬਾਅਦ ਜੇ ਕਿਤੇ ਹੋਰ ਮਨ ਖੀਵਾ ਹੁੰਦਾ ਹੈ ਤਾਂ ਉਹ ਹਨ ਪਿੰਡ। ਜਿਥੇ ਅਪਣਿਆ ਦੀ ਸਾਂਝ ਹੈ, ਜਿਥੇ ਸਾਂਝੀਆਂ ਖੁਸ਼ੀਆਂ ਅਤੇ ਸਾਂਝੇ ਦੁੱਖ ਹਨ। ਜਿਥੇ ਦੂਜੇ ਦੀ ਧੀ ਨੂੰ ਵੀ ਆਪਣੀ ਧੀ ਸਮਝਿਆ ਜਾਂਦਾ ਹੈ। ਜਿਥੇ ਮਿੱਟੀ ਵਿੱਚ ਸੋਨਾ ਅਤੇ ਘਰਾਂ ਵਿੱਚ ਖੁਸ਼ਹਾਲੀ ਦੀ ਛਣਕਾਰ ਸੁਣਾਈ ਦਿੰਦੀ ਹੈ।

ਸਮੇਂ ਦੇ ਪਹੀਏ ਦੀ ਚਾਲ ਬਦਲਣ ਨਾ.ਲ ਕੰਮ ਦੀ ਭਾਲ ਅਤੇ ਭੌਤਿਕ ਵਸਤਾਂ ਦੀ ਪੂਰਤੀ ਕਰਕੇ ਐਸ਼ੋ ਆਰਾਮ ਦੀ ਜ਼ਿੰਦਗੀ ਜਿਉਣ ਲਈ ਪਿੰਡਾਂ ਤੋਂ ਸ਼ਹਿਰਾਂ ਵੱਲ ਪ੍ਰਵਾਸ ਹੋਣਾ ਸ਼ੁਰੂ ਹੋਇਆ। ਸ਼ਹਿਰਾਂ ਦੇ ਚੌਕਾਂ ਵਿੱਚ ਕੰਮ ਦੀ ਭਾਲ ਵਿੱਚ ਖੜ੍ਹੇ ਮਜ਼ਦੂਰ ਭਾਰਤ ਦੀ ਦੁਨੀਆਂ ਦੇ ਤੀਜੀ ਅਰਥਵਿਵਸਥਾ ਬਣਨ ਦੀ ਨਿਸ਼ਾਨੀ ਹਨ। ਪਿੰਡਾਂ ਤੋਂ ਸ਼ਹਿਰਾਂ ਵੱਲ ਨੂੰ ਹੋ ਰਹੇ ਪ੍ਰਵਾਸ ਨੇ ਮਨੁੱਖ ਦੀ ਜੀਵਨਸ਼ੈਲੀ ਨੂੰ ਵੀ ਪ੍ਰਭਾਵਿਤ ਕੀਤਾ ਹੈ। ਮਨੁੱਖ ਦੀ ਬੋਲੀ, ਰਹਿਣ ਸਹਿਣ ਅਤੇ ਸੱਭਿਆਚਾਰ ਵਿੱਚ ਵੀ ਪਰਿਵਰਤਨ ਲਿਆਂਦਾ ਹੈ। ਪਿੰਡਾਂ ਵਿੱਚ ਵਸਦੇ ਸਾਂਝੇ ਪਰਿਵਾਰ ਜਿਥੇ ਮਾਤਾ ਪਿਤਾ,ਭੈਣ ਭਰਾ,ਚਾਚੇ ਤਾਏ ਅਤੇ ਦਾਦਾ ਦਾਦੀ ਇੱਕ ਛੱਤ ਹੇਠ ਰਹਿ ਕੇ ਸਾਂਝੇ ਚੁੱਲ੍ਹੇ ਵਿੱਚ ਵੀ ਰੋਟੀ ਖਾਂਦੇ ਹਨ ਉਥੇ ਸ਼ਹਿਰਾਂ ਵਿੱਚ ਛੋਟੇ ਪਰਿਵਾਰ ਜਿਸ ਵਿੱਚ ਕੇਵਲ ਪਤੀ ਪਤਨੀ ਅਤੇ ਉਹਨਾਂ ਦੇ ਬੱਚੇ ਹੀ ਰਹਿ ਗਏ ਹਨ। ਸਾਂਝੇ ਪਰਿਵਾਰਾਂ ਵਿੱਚ ਰਹਿ ਕੇ ਬੱਚੇ ਅਨੁਸ਼ਾਸਨ ਅਤੇ ਜ਼ਿੰਦਗੀ ਜਿਉਣ ਦਾ ਸਲੀਕਾ ਸਿੱਖਦੇ ਹਨ ਉਥੇ ਸ਼ਹਿਰਾਂ ਵਿੱਚ ਪਲ ਰਹੇ ਬੱਚੇ ਸਾਂਝੇ ਪਰਿਵਾਰਾਂ ਦੇ ਮੋਹ ਤੋਂ ਦੂਰ ਰਹਿੰਦੇ ਹਨ ਜਿਸਦਾ ਨਤੀਜਾ ਇਹ ਨਿਕਲਦਾ ਹੈ ਕਿ ਉਹਨਾਂ ਵਿੱਚ ਆਪਸੀ ਸਾਂਝ, ਰਿਸ਼ਤਿਆਂ ਦਾ ਮੋਹ ਅਤੇ ਇਕ ਚੰਗਾ ਇਨਸਾਨ ਬਣਨ ਦੀ ਘਾਟ ਹਮੇਸ਼ਾ ਰੜਕਦੀ ਰਹਿੰਦੀ ਹੈ। ਪਿੰਡਾਂ ਦੀ ਘਾਟ ਸ਼ਹਿਰਾਂ ਵਿੱਚ ਰਹਿ ਕੇ ਪੂਰੀ ਨਹੀਂ ਕੀਤੀ ਜਾ ਸਕਦੀ। ਸ਼ਹਿਰਾਂ ਵਿੱਚ ਜਿਥੇ ਸਾਰੇ ਵਿਅਕਤੀ ਮਸ਼ੀਨਾਂ ਦਾ ਰੂਪ ਧਾਰਨ ਕਰ ਚੁੱਕੇ ਹੁੰਦੇ ਹਨ, ਜਿਥੇ ਬੱਚਿਆਂ ਕੋਲ ਮਾਪਿਆਂ ਲਈ ਸਮਾਂ ਨਹੀਂ ਹੁੰਦਾ, ਗੁਆਂਢੀ ਇੱਕ ਦੂਜੇ ਤੋਂ ਅਣਜਾਣ ਹੁੰਦੇ ਹਨ, ਉਥੇ ਪਿੰਡ ਸਾਰਿਆਂ ਦਾ ਸਾਂਝਾ ਹੁੰਦਾ ਹੈ,ਚਾਹੇ ਸ਼ਹਿਰੀਕਰਨ ਕਰਕੇ ਪਿੰਡਾਂ ਉੱਤੇ ਵੀ ਸ਼ਹਿਰਾਂ ਦਾ ਪ੍ਰਭਾਵ ਪਿਆ ਹੈ ਪ੍ਰੰਤੂ ਅਜੇ ਵੀ ਪਿੰਡਾਂ ਦੀ ਸਵੇਰ ਅਤੇ ਸਰੋਂ ਦੇ ਸਾਗ ਨਾਲ ਮੱਕੀ ਦੀ ਰੋਟੀ ਦਾ ਆਪਣਾ ਹੀ ਆਨੰਦ ਹੁੰਦਾ ਹੈ। ਪੀਜ਼ੇ, ਬਰਗਰ, ਨੂਡਲਜ਼ ਅਤੇ ਹੋਰ ਜੰਕ ਫੂਡ ਪਿੰਡਾਂ ਦੀਆਂ ਤਾਜੀਆਂ ਸਬਜ਼ੀਆਂ ਦੀ ਰੀਸ ਨਹੀਂ ਕਰ ਸਕਦੇ।ਜੰਕ ਫੂਡ ਨਾਲ ਵਧ ਰਹੀਆਂ ਬਿਮਾਰੀਆਂ ਅਤੇ ਸਿਹਤ ਵਿੱਚ ਆ ਰਿਹਾ ਨਿਘਾਰ ਸ਼ਹਿਰਾਂ ਵਿੱਚ ਬਦਲ ਚੁੱਕੀ ਜੀਵਨਸ਼ੈਲੀ ਦੀਆਂ ਨਿਸ਼ਾਨੀਆਂ ਹਨ। ਪਿੰਡਾਂ ਵਿੱਚ ਰੱਖੇ ਜਾਂਦੇ ਦੁਧਾਰੂ ਪਸ਼ੂਆਂ ਤੋਂ ਪ੍ਰਾਪਤ ਹੋਣਾ ਵਾਲਾ ਤਾਜ਼ਾ ਦੁੱਧ ਪੈਕਟਾਂ ਵਾਲੇ ਦੁੱਧ ਤੋਂ ਕਿਤੇ ਵਧੀਆ ਹੈ।ਦੁੱਖ ਤਾਂ ਇਹ ਹੈ ਕਿ ਸ਼ਹਿਰਾਂ ਦੇ ਤੰਗ ਘਰਾਂ ਵਿੱਚ ਜਿਥੇ ਆਪਣੇ ਰਹਿਣ ਲਈ ਹੀ ਜਗਾ ਬੜੀ ਮੁਸ਼ਿਕਲ ਨਾਲ ਪੂਰੀ ਹੁੰਦੀ ਹੈ ਉਥੇ ਪਸ਼ੂ ਕਿੱਥੇ ਰੱਖਣਗੇ।ਇਸ ਪਿੰਡਾਂ ਤੋਂ ਸ਼ਹਿਰਾਂ ਵੱਲ ਦੀ ਦੌੜ ਨੇ ਸਾਨੂੰ ਆਧੁਨਿਕਤਾ ਦਾ ਲਾਲਚ ਦੇ ਕੇ ਸਾਥੋਂ ਬਹੁਤ ਕੁਝ ਖੋ ਲਿਆ ਹੈ।

ਬਦਲਾਅ ਹਮੇਸ਼ਾ ਸਾਰਥਕ ਨਹੀਂ ਹੁੰਦਾ, ਇਸਦੇ ਕਈ ਵਾਰ ਭਿਆਨਕ ਨਤੀਜੇ ਵੀ ਝੱਲਣੇ ਪੈਂਦੇ ਹਨ। ਅਜਿਹਾ ਹੀ ਪੰਜਾਬੀ ਸੱਭਿਆਚਾਰਕ ਨਾਲ ਵਾਪਰ ਰਿਹਾ ਹੈ। ਪਿੰਡਾਂ ਤੋਂ ਸ਼ਹਿਰਾਂ ਵੱਲ ਜਾ ਰਹੇ ਲੋਕਾਂ ਤੇ ਪੱਛਮੀ ਸੱਭਿਅਤਾ ਦਾ ਪ੍ਰਭਾਵ ਦੇਖਿਆ ਜਾ ਸਕਦਾ ਹੈ ਕਿਉਂਕਿ ਕੋਈ ਵੀ ਜਦੋਂ ਨਵੀਂ ਤਕਨੀਕ ਆਉਂਦੀ ਹੈ ਤਾਂ ਸਭ ਤੋਂ ਪਹਿਲਾਂ ਉਹ ਸ਼ਹਿਰਾਂ ਨੂੰ ਮਾਰ ਕਰਦੀ ਹੈ। ਜਿਵੇਂ ਪਹਿਲਾਂ ਕਦੇ ਅਲਟਰਾਸਾਊਂਡ ਦਾ ਨਾਮ ਨਹੀਂ ਸੀ ਸੁਣਿਆ ਪ੍ਰੰਤੂ ਹੁਣ ਬੱਚਾ ਵੀ ਅਲਟਰਾਸਾਊਂਡ ਦੇ ਨਾਮ ਤੋਂ ਜਾਣੂ ਹੈ। ਫਟੀਆਂ ਪੈਂਟਾਂ ਆਧੁਨਿਕਤਾ ਦੀਆਂ ਨਿਸ਼ਾਨੀਆਂ ਹਨ।ਇਹ ਸਾਡੀ ਪੜ੍ਹੀ ਲਿਖੀ ਪੀੜ੍ਹੀ ਦੀ ਸੋਚ ਹੈ। ਨਵੀਂ ਪੀੜ੍ਹੀ ਦੀ ਸੋਚ ਮੁਤਾਬਿਕ ਕੁੜਤੇ ਪਜਾਮੇ ਵਾਲਾ ਵਿਅਕਤੀ ਅਨਪੜ੍ਹ, ਅਤੇ ਪੈਦਲ ਜਾ ਰਿਹਾ ਵਿਅਕਤੀ ਗ਼ੁਰਬਤ ਦੀ ਨਿਸ਼ਾਨੀ ਹੈ। ਜਿਹੜੇ ਪੰਜਾਬੀ ਦੇ ਪੇਪਰ ਵਿੱਚੋਂ ਫੇਲ੍ਹ ਹੋ ਰਹੇ ਹਨ। ਉਹ ਵਿਦੇਸ਼ੀ ਭਾਸ਼ਾ ਨੂੰ ਸਹੀ ਤਰੀਕੇ ਨਾਲ ਕਿਵੇਂ ਸਿੱਖ ਸਕਣਗੇ।ਟੁੱਟੀ ਫੁੱਟੀ ਅੰਗਰੇਜ਼ੀ ਘੋਟਣ ਵਾਲੇ ਮਾਂ ਬੋਲੀ ਤੋਂ ਵੀ ਕੋਹਾਂ ਦੂਰ ਜਾ ਰਹੇ ਹਨ।ਹੁਣ ਜਿਵੇਂ ਅੰਗਰੇਜ਼ੀ ਸਿਖਾਉਣ ਲਈ ਆਈਲੈਟਸ ਸੈਂਟਰ ਖੁੱਲ੍ਹ ਚੁੱਕੇ ਹਨ ਉਸੇ ਤਰ੍ਹਾਂ ਆਉਣ ਵਾਲੇ ਸਮੇਂ ਵਿੱਚ ਪੰਜਾਬੀ ਨੂੰ ਸਿਖਾਉਣ ਲਈ ਵੀ ਆਈਲੈਟਸ ਸੈਂਟਰ ਖੁੱਲਣਗੇ। ਅਜੋਕੀ ਪੀੜ੍ਹੀ ਦਾ ਵਿਦੇਸ਼ ਵੱਲ ਵਧਦਾ ਰੁਝਾਨ ਗੁਆਂਢੀ ਸੂਬਿਆਂ ਦੇ ਕਾਮਿਆਂ ਦਾ ਪੰਜਾਬ ਵਿੱਚ ਆਉਣ ਦਾ ਰਸਤਾ ਖੋਲਦਾ ਹੈ। ਗੁਆਂਢੀ ਸੂਬੇ ਪੰਜਾਬ ਨੂੰ ਕੈਲੀਫੋਰਨੀਆ ਸਮਝਦੇ ਹਨ, ਸਾਡੇ ਬੱਚੇ ਬਾਹਰ ਕੈਲੇਫੋਰਨੀਆ ਲੱਭਣ ਜਾਂਦੇ ਹਨ।ਬਹੁ ਪੱਖੀ ਸੰਕਟ ਨਾਲ ਘਿਰ ਚੁੱਕਿਆ ਪੰਜਾਬ ਮੁਸ਼ਿਕਲਾਂ ਦੀ ਭੱਠੀ ਵਿੱਚ ਦਿਨੋਂ ਦਿਨ ਤਪ ਰਿਹਾ ਹੈ।ਦੁੱਖ ਸੁੱਖ ਦਾ ਸੁਨੇਹਾ ਪਹੁੰਚਾਉਣ ਵਾਲਾ ਮੋਬਾਇਲ ਅੱਜ ਰੋਟੀ ਨਾਲੋਂ ਵੀ ਜ਼ਰੂਰੀ ਹੋ ਗਿਆ ਹੈ।ਬੱਚਾ ਰੋਟੀ ਬਿਨਾਂ ਰਹਿ ਸਕਦਾ ਹੈ ਪ੍ਰੰਤੂ ਫ਼ੋਨ ਬਿਨਾਂ ਨਹੀਂ।ਇਹ ਲੋੜ ਨਹੀਂ ਜ਼ਰੂਰਤ ਬਣ ਚੁੱਕੀ ਹੈ।ਮੋਬਾਇਲ ਫ਼ੋਨ ਨੂੰ ਹੀ ਰੱਬ ਸਮਝਣ ਵਾਲੇ ਆਪਣੀ ਵੀ ਪਹਿਚਾਣ ਤੋਂ ਦੂਰ ਹੋ ਚੁੱਕੇ ਹਨ।

ਪਿੰਡਾਂ ਤੇ ਸ਼ਹਿਰਾਂ ਦਾ ਪਾਣ ਚੜ੍ਹ ਚੁੱਕਿਆ ਹੈ। ਸ਼ਹਿਰਾਂ ਵਿੱਚ ਸਿੱਖਿਆ,ਸਿਹਤ ਅਤੇ ਰੋਜ਼ਗਾਰ ਦੇ ਜ਼ਿਆਦਾ ਮੌਕੇ ਦਿਖਾਈ ਦਿੰਦੇ ਹਨ।ਇਹ ਸਹੀ ਹੈ ਪ੍ਰੰਤੂ ਇਸਦਾ ਮਤਲਬ ਇਹ ਨਹੀਂ ਕਿ ਪਿੰਡ ਪੱਛੜੇ ਹੋਏ ਹਨ। ਪਿੰਡਾਂ ਦੇ ਬੱਚੇ ਵੀ ਮਿਹਨਤ, ਮੁਸ਼ੱਕਤ ਅਤੇ ਸੰਘਰਸ਼ ਨਾਲ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਹੋਰ ਖੇਤਰਾਂ ਵਿੱਚ ਮੱਲਾ ਮਾਰ ਰਹੇ ਹਨ।ਅੱਜ ਵੀ ਪਿੰਡ ਆਪਣਾ ਵਿਰਸਾ,ਆਪਣਾ ਇਤਿਹਾਸ ਅਤੇ ਆਪਣੀ ਹੋਂਦ ਬਚਾਉਣ ਲਈ ਸੰਘਰਸ਼ ਕਰ ਰਹੇ ਹਨ। ਸਮੇਂ ਦੇ ਹਾਕਮਾਂ ਦਾ ਪਿੰਡਾਂ ਵਿੱਚ ਜ਼ਿਆਦਾ ਗੇੜਾ ਵੋਟਾਂ ਵੇਲੇ ਹੀ ਲੱਗਦਾ ਹੈ ਉਹ ਪਿੰਡਾਂ ਨੂੰ ਕੇਵਲ ਵੋਟ ਬੈਂਕ ਹੀ ਸਮਝਦੇ ਹਨ।ਅਜ਼ਾਦੀ ਦੇ ਪਝੰਤਰ ਸਾਲ ਬਾਅਦ ਵੀ ਦੇਸ਼ ਦੇ ਹਾਕਮਾਂ ਨੇ ਪਿੰਡਾਂ ਨੂੰ ਪੱਕੀਆਂ ਸੜਕਾਂ ਅਤੇ ਪੱਕੀਆਂ ਗਲੀਆਂ ਨਾਲੀਆਂ ਦੇ ਮੁੱਦਿਆਂ ਵਿੱਚ ਉਲਝਾ ਕੇ ਰੱਖ ਦਿੱਤਾ।ਅੱਜ ਵੀ ਅਜਿਹੇ ਪਿੰਡ ਬਹੁਤ ਹਨ ਜਿਥੇ ਦਰਿਆ ਦੇ ਉੱਤੇ ਪੁਲ ਨਹੀਂ ਹਨ ਬੱਚੇ ਕਿਸ਼ਤੀ ਨਾਲ ਦਰਿਆ ਪਾਰ ਕਰਕੇ ਸਕੂਲ ਜਾਂਦੇ ਹਨ ਜਿਸਦੀ ਤਾਜ਼ਾ ਉਦਾਹਰਣ ਫਿਰੋਜ਼ਪੁਰ ਜ਼ਿਲ੍ਹੇ ਦਾ ਪਿੰਡ ਕਾਲੂਵਾਲ ਹੈ ਹੈ ਜਿਸਦੇ ਬੱਚੇ ਸਤਲੁਜ ਦਰਿਆ ਕਿਸ਼ਤੀ ਨਾਲ ਪਾਰ ਕਰਕੇ ਗੱਟੀ ਰਾਜੋ ਕੇ ਬਣੇ ਸਕੂਲ ਵਿੱਚ ਜਾਂਦੇ ਹਨ।

ਪਿੰਡਾਂ ਵਿੱਚ ਅੱਜ ਵੀ ਖੁਸ਼ਹਾਲੀ ਹੈ, ਸ਼ਹਿਰ ਦੀ ਭੱਜ ਦੌੜ ਤੋਂ ਦੂਰ ਸ਼ਾਂਤਮਈ ਪ੍ਰੰਤੂ ਇਹ ਹੋਂਦ ਖ਼ਤਰੇ ਵਿੱਚ ਹੈ। ਸ਼ਹਿਰ ਦਿਨੋਂ ਦਿਨ ਵਧ ਰਹੇ ਹਨ।ਜਿਸ ਤਰ੍ਹਾਂ ਚੰਡੀਗੜ੍ਹ ਨੇ ਪੰਜਾਬ ਦੇ ਕਈ ਪਿੰਡ ਖਾ ਲਏ ਉਸ ਤਰ੍ਹਾਂ ਸ਼ਹਿਰਾਂ ਦਾ ਖੇਤਰਫ਼ਲ ਵਧਣ ਕਰਕੇ ਪਿੰਡਾਂ ਅਤੇ ਸ਼ਹਿਰਾਂ ਵਿਚਲੀ ਦੂਰੀ ਘਟ ਰਹੀ ਹੈ। ਪਿੰਡਾਂ ਨੂੰ ਉਜਾੜਨ ਲਈ ਜ਼ਮੀਨਾਂ ਦੇ ਦੁੱਗਣੇ ਭਾਅ ਦਾ ਲਾਲਚ ਦਿੱਤਾ ਜਾ ਰਿਹਾ ਹੈ। ਪਿੰਡਾਂ ਦੀ ਹੋਂਦ ਖ਼ਤਮ ਕਰਨ ਲਈ ਅਖੌਤੀ ਵਿਕਾਸ ਦਾ ਨਾਅਰਾ ਦਿੱਤਾ ਜਾ ਰਿਹਾ ਹੈ ਜਿਸਨੇ ਜੰਗ.ਲ ਬੇਲੇ ਉਜਾੜ ਕੇ ਧਰਤੀ ਦੀ ਹੋਂਦ ਨੂੰ ਵੀ ਖ਼ਤਰੇ ਵਿੱਚ ਪਾ ਦਿੱਤੀ ਹੈ। ਪਿੰਡਾਂ ਵਿੱਚ ਤਾਂ ਕਿਤੇ ਨਿੰਮ ਦੀ ਛਾਂ ਲੱਭ ਵੀ ਜਾਂਦੀ ਹੈ ਸ਼ਹਿਰਾਂ ਵਿੱਚ ਤਾਂ ਚਾਦਰਾਂ ਦਾ ਸ਼ੈੱਡ ਪਾ ਕੇ ਨਿੰਮ ਦੀ ਛਾਂ ਦੀ ਪੂਰਤੀ ਕੀਤੀ ਜਾਂਦੀ ਹੈ ਪ੍ਰੰਤੂ ਇਹ ਯਾਦ ਰੱਖਣ ਹੋਵੇਗਾ ਕਿ ਨਿੰਮ ਛਾਂ ਦੇ ਨਾਲ ਨਾਲ ਆਕਸੀਜ਼ਨ ਵੀ ਦੇਵੇਗਾ ਜਦਕਿ ਚਾਦਰਾਂ ਦਾ ਸ਼ੈੱਡ ਕੇਵਲ ਛਾਂ ਦੇਵੇਗਾ ਆਕਸੀਜਨ ਨਹੀਂ। ਅਖ਼ੌਤੀ ਵਿਕਾਸ ਦੇ ਨਾਂ ਤੇ ਕੀਤੇ ਜਾ ਰਹੇ ਕੁਦਰਤ ਦੇ ਖਿਲਵਾੜ ਨੂੰ ਰੋਕਣਾ ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਹੈ ਕਿਉਂਕਿ ਧਰਤੀ ਤੇ ਰਹਿਣਾ ਤਾਂ ਹਰ ਕੋਈ ਚਾਹੁੰਦਾ ਹੈ ਪ੍ਰੰਤੂ ਇਸਨੂੰ ਬਚਾਉਣ ਦਾ ਉੱਦਮ ਕੋਈ ਨਹੀਂ ਕਰਨਾ ਚਾਹੁੰਦਾ। ਪਿੰਡਾਂ ਦੇ ਨਾਲ ਨਾਲ ਵਾਤਾਵਰਨ ਦੀ ਹੋਂਦ ਬਚਾਉਣ ਲਈ ਵੀ ਅੱਗੇ ਆਉਣਾ ਬਹੁਤ ਜ਼ਰੂਰੀ ਅਤੇ ਸਮੇਂ ਦੀ ਮੁੱਖ ਲੋੜ ਹੈ।




CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਪਤੰਗ ਉਡਾਉ



ਪਤੰਗ ਉਡਾਉ ਪਤੰਗ ਉਡਾਉ,
ਕੋਠੇ 'ਤੇ ਨਾ ਪਤੰਗ ਉਡਾਉ,
ਪਤੰਗ ਉਡਾਉ ਪਤੰਗ ਉਡਾਉ, ਬਿਜਲੀ ਦੀ ਤਾਰ ਕੋਲ ਨਾ ਪਤੰਗ ਉਡਾਓ,
ਪਤੰਗ ਉਡਾਉ ਪਤੰਗ ਉਡਾਉ,
ਸੜਕ ਵਿੱਚ ਨਾ ਪਤੰਗ ਉਡਾਉ,
ਪਤੰਗ ਉਡਾਉ ਪਤੰਗ ਉਡਾਉ,
ਕੋਠੇ 'ਤੇ ਨਾ ਪਤੰਗ ਉਡਾਉ।



**ਬਲਜੋਤ ਸਿੰਘ , ਜਮਾਤ ਤੀਸਰੀ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
9478561356

# ਦੋ ਕਵਿਤਾਵਾਂ



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

## ਸ਼ਬਦਾਂ ਦੀ ਫੁਲਕਾਰੀ

ਅੱਖਰ ਜੋੜ ਬਣਾਈ ਹੈ ਮੈਂ,
ਸ਼ਬਦਾਂ ਦੀ ਫੁਲਕਾਰੀ।
ਇਹਦਾ ਰਸ ਤੇ ਰੰਗ ਅਨੋਖਾ,
ਛਬ ਹੈ ਬੜੀ ਨਿਆਰੀ।
ਕੋਈ ਸ਼ਬਦ ਨੇ ਸਿੱਧੇ-ਸਾਦੇ,
ਕੋਈ ਤਿੱਖੀ ਕਟਾਰੀ।
ਸ਼ਬਦ ਕੋਈ ਹੌਲੇ ਫੁੱਲ ਵਰਗੇ,
ਕਿਤੇ-ਕਿਤੇ ਨੇ ਭਾਰੀ।
ਦੁਸ਼ਮਣ ਬਣਦੇ ਨਾਲ ਸ਼ਬਦ ਦੇ,
ਇਹੋ ਪੁਗਾਵਣ ਯਾਰੀ।
ਸ਼ਬਦਾਂ ਵਿੱਚ ਹੀ ਬੰਨ੍ਹੇ ਹੁੰਦੇ,
ਰਿਸ਼ਤੇ-ਰਿਸ਼ਤੇਦਾਰੀ।
ਨਾਵਲ, ਨਾਟਕ ਸ਼ਬਦਾਂ ਵਿੱਚ ਨੇ,
ਕਵਿਤਾ ਕਹਿਣ ਪਿਆਰੀ।
ਚਾਰ-ਚੁਫ਼ੇਰੇ ਫੈਲੀ ਮੇਰੇ,
ਸ਼ਬਦ-ਫੁੱਲਾਂ ਦੀ ਕਿਆਰੀ।
ਵੋਟਾਂ ਵੇਲੇ ਨੇਤਾ ਕਰਦੇ,
ਭਾਸ਼ਣ ਧੂੰਆਂਧਾਰੀ।
ਕਈ ਕੇਵਲ ਸ਼ਬਦਾਂ ਨਾਲ ਜਿੱਤਦੇ,
ਜੋ ਬਾਜ਼ੀ ਹੈ ਹਾਰੀ।
ਬੱਚੇ, ਬੁੱਢੇ ਸ਼ਬਦਾਂ ਤੋਂ ਨੇ,
ਸ਼ਬਦਾਂ ਤੋਂ ਨਰ-ਨਾਰੀ।
ਨਾਲ ਸ਼ਬਦ ਦੇ ਵਿੱਚ ਆਕਾਸ਼ੀਂ,
ਲਾਈਏ ਅਸੀਂ ਉਡਾਰੀ।
ਮਿੱਠੇ ਸ਼ਬਦਾਂ ਨਾਲ ਹੈ ਮਿਲਦੀ,
ਖੁੱਸੀ ਹੋਈ ਸਰਦਾਰੀ।
ਕੌੜੇ ਸ਼ਬਦ ਨਾ ਕਦੇ ਵੀ ਬੋਲੋ,
ਸ਼ਬਦ ਬੜੇ ਗੁਣਕਾਰੀ।
ਲਿਖਤਾਂ ਵਿੱਚ ਨੇ ਸ਼ਬਦ ਮਟਕਦੇ,
ਜਿਉਂ ਸੁਰਮੇ ਦੀ ਧਾਰੀ।
ਦੁਖ-ਸੁਖ ਮੇਰਾ ਸ਼ਬਦਾਂ ਵਿੱਚ ਹੈ,
ਮੈਂ ਸ਼ਬਦਾਂ ਤੋਂ ਵਾਰੀ।

## ਇੱਕ ਨਵੀਂ ਸ਼ੁਰੂਆਤ

ਗੱਲਾਂ ਪਿਛਲੀਆਂ ਭੁੱਲ-ਭੁਲਾ ਕੇ,
ਕਰੀਏ ਇੱਕ ਨਵੀਂ ਸ਼ੁਰੂਆਤ।
ਛੱਡ ਪਰ੍ਹਾਂ ਉਹ ਬੀਤਿਆ ਵੇਲਾ,
ਚੜ੍ਹਦੀ ਵੇਖੀਏ ਕਿੰਜ ਪਰਭਾਤ।
ਜਿੱਦਾਂ ਬੀਤੇ ਦੁੱਖ ਤੇ ਪੀੜਾ,
ਬੀਤ ਜਾਣੀ ਇਹ ਕਾਲੀ ਰਾਤ।
ਲਾਹ ਕੇ ਚਾਦਰ ਮੂੰਹ ਦੇ ਉੱਤੋਂ,
ਮਾਰ ਜ਼ਰਾ ਅੰਬਰ ਵੱਲ ਝਾਤ।
ਆ ਮਿਲੀਏ ਗਲਵੱਕੜੀ ਪਾ ਕੇ,
ਰਹਿ ਨਾ ਜਾਏ ਮਨ ਵਿੱਚ ਬਾਤ।
ਨ੍ਹੇਰੇ ਦੀ ਸਾਜ਼ਿਸ਼ ਨੂੰ ਆਪਾਂ,
ਮਿਲ ਕੇ ਦੇ ਦੇਣੀ ਹੈ ਮਾਤ।
ਭਰੇ ਹੋਏ ਭੰਡਾਰ ਨੇ ਓਹਦੇ,
ਹਰ-ਦਮ ਹਰ-ਪਲ ਵੰਡਦੈ ਦਾਤ।
ਇਹ ਜੀਵਨ ਜੋ ਦਿੱਤੈ ਓਹਨੇ,
ਇਹ ਵੀ ਤਾਂ ਓਹਦੀ ਸੌਗ਼ਾਤ।
ਮਿਲਣੇ ਦਾ ਇਹ ਨਸ਼ਾ ਕੈਸਾ ਹੈ,
ਅੱਖਾਂ 'ਚੋਂ ਵਗਦੀ ਬਰਸਾਤ।
ਲੱਗਦੈ ਏਸ ਮਿਲਾਪ-ਘੜੀ ਵਿੱਚ,
ਇੱਕਮਿਕ ਹੋ ਗਈ ਹੈ ਕਾਇਨਾਤ।
ਥਿਰ ਨਾਹੀਂ ਇਸ ਧਰਤ ਤੇ ਕੋਈ,
ਜੈਸੇ ਫੁੱਲਾਂ ਦੀ ਬਾਗ਼ਾਤ।
ਪਰਉਪਕਾਰ ਤੇ ਸਦਗੁਣ ਰਹਿਣੇ,
ਕਿਸੇ ਨਾ ਪੁੱਛਣੀ ਸਾਡੀ ਜ਼ਾਤ।







RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330